ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 31 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੧੫ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਭਾਰਤ-ਪਾਕਿਸਤਾਨ ਵਿਚਾਲੇ ਨਹੀਂ ਹੋਵੇਗਾ ਪਹਿਲਾ ਸੈਮੀਫਾਈਨਲ ! ਭਾਰਤੀ ਖਿਡਾਰੀਆਂ ਦਾ ਮੈਚ ਖੇਡਣ ਤੋਂ ਇਨਕਾਰ

**ਨਵੀਂ ਦਿੱਲੀ, 30 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਇੰਡੀਆ ਚੈਂਪੀਅਨ ਨੇ ਵਰਲਡ ਚੈਂਪੀਅਨਸ਼ਿਪ ਆਫ ਲੈਜੈਂਡਜ਼ (WCL) ਦੇ ਸੈਮੀਫਾਈਨਲ ਵਿੱਚ ਪਾਕਿਸਤਾਨ ਵਿਰੁੱਧ ਖੇਡਣ ਤੋਂ ਇਨਕਾਰ ਕਰ ਦਿੱਤਾ ਹੈ। ਇਹ ਸੈਮੀਫਾਈਨਲ ਵੀਰਵਾਰ ਨੂੰ ਹੋਣਾ ਹੈ। ਇੰਡੀਆ ਚੈਂਪੀਅਨ ਨੇ ਆਪਣੇ ਪੁਰਾਣੇ ਵਿਰੋਧੀ ਵਿਰੁੱਧ ਮੁਕਾਬਲੇ ਵਾਲੇ ਮੈਚਾਂ ਵਿੱਚ ਹਿੱਸਾ ਨਾ ਲੈਣ ਦੇ ਆਪਣੇ ਪੁਰਾਣੇ ਸਟੈਂਡ ਨੂੰ ਬਰਕਰਾਰ ਰੱਖਿਆ ਹੈ। ਇੰਡੀਆ ਚੈਂਪੀਅਨ ਨੇ ਮੰਗਲਵਾਰ ਨੂੰ ਆਪਣੇ ਆਖਰੀ ਗਰੁੱਪ ਮੈਚ ਵਿੱਚ ਵੈਸਟਇੰਡੀਜ਼ ਚੈਂਪੀਅਨਜ਼ ਨੂੰ ਸਿਰਫ਼ 13.2 ਓਵਰਾਂ ਵਿੱਚ ਹਰਾ ਕੇ ਸੈਮੀਫਾਈਨਲ ਵਿੱਚ ਪ੍ਰਵੇਸ਼ ਕਰ ਲਿਆ ਹੈ। ਇੰਡੀਆ ਚੈਂਪੀਅਨ ਦੇ ਸੈਮੀਫਾਈਨਲ ਖੇਡਣ ਤੋਂ ਇਨਕਾਰ ਕਰਨ ਦਾ ਮਤਲਬ ਹੈ ਕਿ ਪਾਕਿਸਤਾਨ ਚੈਂਪੀਅਨ ਫਾਈਨਲ ਵਿੱਚ ਪਹੁੰਚ ਜਾਵੇਗਾ। ਮੀਡੀਆ ਸੂਤਰਾਂ ਅਨਸਾਰ, "ਭਾਰਤੀ ਖਿਡਾਰੀਆਂ ਨੇ ਵੀਰਵਾਰ ਨੂੰ ਹੋਣ ਵਾਲੇ ਡਬਲਯੂਸੀਐਲ ਸੈਮੀਫਾਈਨਲ ਵਿੱਚ ਪਾਕਿਸਤਾਨ ਵਿਰੁੱਧ ਖੇਡਣ ਤੋਂ ਇਨਕਾਰ ਕਰ ਦਿੱਤਾ ਹੈ।" ਇਸ ਤੋਂ ਪਹਿਲਾਂ, ਭਾਰਤੀ ਖਿਡਾਰੀਆਂ ਅਤੇ ਇੱਕ ਪ੍ਰਮੁੱਖ ਟੂਰਨਾਮੈਂਟ ਸਪਾਂਸਰ ਦੇ ਸਖ਼ਤ ਇਤਰਾਜ਼ਾਂ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਲੀਗ ਪੜਾਅ ਦਾ ਮੈਚ ਅਧਿਕਾਰਤ ਤੌਰ 'ਤੇ ਰੱਦ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਸੁਰੇਸ਼ ਰੈਨਾ ਅਤੇ ਸ਼ਿਖਰ ਧਵਨ ਸਮੇਤ ਸਾਬਕਾ ਭਾਰਤੀ ਕ੍ਰਿਕਟਰਾਂ ਨੇ ਜਨਤਕ ਐਲਾਨ ਕੀਤਾ ਸੀ ਕਿ ਉਹ ਮੈਚ ਵਿੱਚ ਹਿੱਸਾ ਨਹੀਂ ਲੈਣਗੇ। ਦੱਸ ਦਈਏ ਕਿ ਇਸ ਤੋਂ ਪਹਿਲਾਂ ਬੁੱਧਵਾਰ ਨੂੰ, ਡਬਲਯੂਸੀਐਲ ਦੇ ਮੁੱਖ ਸਪਾਂਸਰਾਂ ਵਿੱਚੋਂ ਇੱਕ, ਈਜ਼ਮਾਈਟ੍ਰਿਪ ਨੇ ਭਾਰਤ-ਪਾਕਿਸਤਾਨ ਡਬਲਯੂਸੀਐਲ ਸੈਮੀਫਾਈਨਲ ਤੋਂ ਹਟ ਗਿਆ।

## ਲੈਂਡ ਪੂਲਿੰਗ ਨੀਤੀ ਦਾ ਵਿਰੋਧ

# ਪੰਜਾਬ ਭਰ 'ਚ ਟਰੈਕਟਰਾਂ ਦੀ 'ਸੁਨਾਮੀ'

**ਚੰਡੀਗੜ੍ਹ, 30 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੀ ਜ਼ਮੀਨ ਐਕਵਾਇਰ ਵਾਲੀ ਲੈਂਡ ਪੂਲਿੰਗ ਨੀਤੀ ਦੇ ਵਿਰੁੱਧ ਕਿਸਾਨਾਂ ਵੱਲੋਂ ਕੀਤਾ ਜਾ ਰਿਹਾ ਹੈ। ਜਿਸ ਕਰਕੇ ਅੱਜ ਕਿਸਾਨਾਂ ਵੱਲੋਂ ਇਸੇ ਮੁੱਦੇ 'ਤੇ ਟਰੈਕਟਰ ਮਾਰਚ ਕੱਢਿਆ ਗਿਆ। ਇਹ ਮਾਰਚ ਸਾਂਝੇ ਕਿਸਾਨ ਮੋਰਚੇ ਦੇ ਬੈਨਰ ਹੇਠ ਹੋਇਆ। ਇਹ ਮਾਰਚ ਰਾਜ ਦੇ ਸਾਰੇ ਇਲਾਕਿਆਂ 'ਚ ਕੱਢਿਆ ਗਿਆ। ਜਿਨ੍ਹਾਂ ਪਿੰਡਾਂ ਦੀ ਜ਼ਮੀਨ ਐਕਵਾਇਰ ਕੀਤੀ ਜਾ ਰਹੀ ਹੈ, ਉਥੇ ਤੋਂ ਟਰੈਕਟਰ ਲੰਘੇ। ਸਮਰਾਲਾ ਦੇ ਪਿੰਡ ਬਾਲਿਓ ਤੋਂ ਐਸ.ਡੀ.ਐਮ. ਦਫਤਰ ਤੱਕ ਟਰੈਕਟਰ ਮਾਰਚ ਕੱਢਿਆ ਗਿਆ ਹੈ। ਸੀਨੀਅਰ ਕਿਸਾਨ ਨੇਤਾ ਬਲਬੀਰ ਸਿੰਘ ਰਾਜੇਵਾਲ ਖਾਸ ਤੌਰ 'ਤੇ ਮੌਜੂਦ ਸਨ। ਕਈ ਹੋਰ ਕਿਸਾਨ ਜਥੇਬੰਦੀਆਂ ਦੇ ਨੇਤਾ ਵੀ ਪਹੁੰਚੇ ਹੋਏ ਸਨ। ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਲੈਂਡ ਪੂਲਿੰਗ ਪਾਲਿਸੀ ਜਾਰੀ ਕੀਤੀ ਹੈ, ਉਸ ਨੇ ਬਿਨਾਂ ਸੋਚੇ-ਸਮਝੇ, ਬਿਨਾਂ ਕਿਸੇ ਸਰਵੇਖਣ ਦੇ, ਬਿਨਾਂ ਕਿਸੇ ਮਾਹਿਰ ਦੀ ਰਾਏ ਲਏ, ਸਿੱਧੇ ਜ਼ਮੀਨ ਹੜੱਪਣ ਲਈ ਹਜ਼ਾਰਾਂ ਏਕੜ ਜ਼ਮੀਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਇਸ ਨਾਲ ਘੱਟੋ-ਘੱਟ 20 ਹਜ਼ਾਰ ਕਿਸਾਨ ਪਰਿਵਾਰ ਬਰਬਾਦ ਹੋ ਜਾਣਗੇ। ਉਨ੍ਹਾਂ ਦੇ ਨਾਲ-ਨਾਲ ਪਿੰਡਾਂ ਵਿੱਚ ਰਹਿਣ ਵਾਲੇ ਮਜ਼ਦੂਰ ਵੀ ਬੇਰੁਜ਼ਗਾਰ ਹੋ ਜਾਣਗੇ। ਹੁਣ ਸਰਕਾਰ ਵੱਲੋਂ 116 ਪਿੰਡਾਂ ਦਾ ਖੇਡ ਰਚਿਆ ਗਿਆ ਹੈ ਤਾਂ ਜੋ ਇਨ੍ਹਾਂ ਪਿੰਡਾਂ ਨੂੰ ਨਕਸ਼ੇ ਤੋਂ ਮਿਟਾਇਆ ਜਾ ਸਕੇ। ਇਸ ਦੇ ਪਿੱਛੇ ਬਹੁਤ ਵੱਡੀ ਸਾਜ਼ਿਸ਼ ਹੈ। ਇਹ ਭ੍ਰਿਸ਼ਟਾਚਾਰ ਹੈ, ਇਸ ਜ਼ਮੀਨ ਨੂੰ ਕਾਰਪੋਰੇਟ ਘਰਾਣਿਆਂ ਅਤੇ ਬਿਲਡਰਾਂ ਨੂੰ ਦੇਣਾ, ਇਸ ਨਾਲ ਘੱਟੋ-ਘੱਟ ਇੱਕ ਲੱਖ ਕਰੋੜ ਰੁਪਏ ਦਾ ਘਪਲਾ ਹੋਵੇਗਾ। ਇਸ ਤੋਂ ਘੱਟ ਨਹੀਂ, ਸਰਕਾਰ ਇਸ ਜ਼ਮੀਨ ਨੂੰ ਵਿਕਸਤ ਕਰਨ ਦੀ ਜਲਦੀ ਵਿੱਚ ਨਹੀਂ ਹੈ। ਸਰਕਾਰ ਕਹਿੰਦੀ ਹੈ ਕਿ ਸਾਨੂੰ ਹਰ ਕਿਸਾਨ ਨੂੰ ਸਾਲਾਨਾ ਇੱਕ ਲੱਖ ਰੁਪਏ ਦੇਣੇ ਹਨ, ਪਰ ਸਰਕਾਰ ਨੇ ਐਲਾਨ ਕੀਤਾ ਹੈ ਕਿ ਉਸ ਨੇ ਪੈਸੇ ਦੇਣ ਲਈ ਬਜਟ ਰੱਖਿਆ ਹੈ ਕਿਉਂਕਿ ਇੱਕ ਲੱਖ ਰੁਪਏ ਦੇ ਹਿਸਾਬ ਨਾਲ ਸਾਲਾਨਾ 655 ਕਰੋੜ ਰੁਪਏ ਦੇਣੇ ਪੈਣਗੇ। ਦੱਸ ਦਈਏ ਇਹ ਮਾਮਲਾ ਹੁਣ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੱਕ ਪਹੁੰਚ ਗਿਆ ਹੈ। ਦੂਜੇ ਪਾਸੇ ਸੂਬਾ ਸਰਕਾਰ ਇਸ ਨੀਤੀ ਦੇ ਫਾਇਦੇ ਦੱਸ ਰਹੀ ਹੈ।



## ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ 350 ਸਹੀਦੀ ਦਿਵਸ ਨੂੰ ਸਮਰਪਿਤ ਦਮਦਮੀ ਟਕਸਾਲ ਵੱਲੋਂ ਸਮਾਗਮ ਕਰਵਾਏ ਜਾਣਗੇ

**ਚੌਕ ਮਹਿਤਾ 30 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਤਖਤ ਸਾਹਿਬ ਤਖਤ ਦਮਦਮਾ ਸਾਹਿਬ ਵਿੱਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 350 ਸਹੀਦੀ ਦਿਵਸ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350 ਗੁਰਤਾਗੱਦੀ ਦਿਵਸ ਅਤੇ ਦਮਦਮੀ ਟਕਸਾਲ ਦੇ 319 ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 1 ਅਗਸਤਲ2025 ਦਿਨ ਸ਼ੁੱਕਰਵਾਰ ਤੋਂ 7 ਅਗਸਤ 2025 ਦਿਨ ਵੀਰਵਾਰ ਤੱਕ ਪਵਿੱਤਰ ਪਾਵਨ ਅਸਥਾਨ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਬਠਿੰਡਾ ਵਿੱਖੇ ਕਰਵਾਏ ਜਾ ਰਹੇ ਹਨ ਸਵੇਰੇ ਰੋਜਾਨਾ 6-15 ਵਜੇ ਤੋਂ 7-00 ਵਜੇ ਤੱਕ ਅਤੇ ਸਾਮ ਨੂੰ ਕਥਾ ਦਾ ਸਮਾਂ : ਸਾਮ 5:30 ਵਜੇ ਤੋਂ 6:15 ਤੱਕ ਕਥਾ ਦਾ ਸਮਾ ਹੋਵੇਗਾ। ਆਰੰਭ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ 5 ਅਗਸਤ 2025 ਦਿਨ ਮੰਗਲਵਾਰ ਨੂੰ ਸਮਾ ਸਵੇਰੇ 8 ਵਜੇ ਭੋਗ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ 7 ਅਗਸਤ ਦਿਨ ਵੀਰਵਾਰ 2025 ਸਵੇਰੇ 8:30 ਵਜੇ ਪੈਣਗੇ। ਉਪਰੰਤ ਸਵੇਰੇ 9:30 ਵਜੇ ਤੋਂ 2ਵਜੇ ਤੱਕ ਸਮਾਨ ਗੁਰਮਤਿ ਸਮਾਗਮ ਹੋਣਗੇ, ਜਿਸ ਵਿੱਚ ਸੰਤ ਮਹਾਪੁਰਸ਼ ਹਾਜਰੀਆ ਭਰਨਗੇ। 6 ਅਤੇ 7 ਅਗਸਤ ਨੂੰ ਵਰਤਮਾਨ ਮੁੱਖੀ ਦਮਦਮੀ ਟਕਸਾਲ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁੱਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ। ਇਹ ਜਾਣਕਾਰੀ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਸ੍ਰੀ ਆਨੰਦਪੁਰ ਵਾਲਿਆਂ ਨੇ ਦਿੱਤੀ। ਅਤੇ ਬੇਨਤੀ ਕੀਤੀ ਕਿ ਇੰਨਾਂ ਸਮਾਗਮ ਵਿੱਚ ਹਾਜਰੀ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ ਗੁਰੂ ਜੀ ਦੇ ਲੰਗਰ ਅਟੁੱਟ ਵਰਤਨਗੇ ਇਸ ਸਮਾਗਮ ਵਿੱਚ ਸੰਤ, ਮਹਾਪੁਰਸ਼, ਨਿਹੰਗ ਸਿੰਘ, ਸਮਾਜ ਸੇਵੀ ਅਤੇ ਸਮੂਹ ਇਲਾਕੇ ਸੰਗਤਾਂ ਅਤੇ ਐਨ ਆਰ ਆਈ ਸੰਗਤਾਂ ਵੀ ਹਾਜਰੀਆ ਭਰਨਗੀਆ।



## ਪ੍ਰਧਾਨ ਮੰਤਰੀ ਮੋਦੀ ਦੇ ਯਾਰ ਟਰੰਪ ਨੇ ਦਿੱਤਾ ਝਟਕਾ ! ਭਾਰਤ 'ਤੇ 25% ਟੈਰਿਫ ਲਗਾਏਗਾ ਅਮਰੀਕਾ, ਡੋਨਾਲਡ ਟਰੰਪ ਦਾ ਵੱਡਾ ਐਲਾਨ



**ਨਵੀਂ ਦਿੱਲੀ, 30 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਅਤੇ ਭਾਰਤ ਵਿਚਕਾਰ ਇੱਕ ਵਪਾਰਕ ਸਮਝੌਤਾ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅਮਰੀਕਾ ਨੇ ਭਾਰਤ 'ਤੇ 25 ਪ੍ਰਤੀਸ਼ਤ ਟੈਰਿਫ ਲਗਾਇਆ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਖੁਦ ਇਸ ਦਾ ਐਲਾਨ ਕੀਤਾ ਹੈ। ਦਰਅਸਲ, ਭਾਰਤ ਅਤੇ ਅਮਰੀਕਾ ਵਿਚਕਾਰ ਵਪਾਰ ਸਮਝੌਤੇ ਨੂੰ ਲੈ ਕੇ ਲੰਬੇ ਸਮੇਂ ਤੋਂ ਗੱਲਬਾਤ ਚੱਲ ਰਹੀ ਸੀ। ਹੁਣ ਟਰੰਪ ਨੇ ਖੁਦ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇਸ ਬਾਰੇ ਜਾਣਕਾਰੀ ਦਿੱਤੀ ਹੈ। ਡੋਨਾਲਡ ਟਰੰਪ ਦਾ ਕਹਿਣਾ ਹੈ ਕਿ ਭਾਰਤ ਸਾਡਾ ਦੋਸਤ ਹੈ, ਪਰ ਅਸੀਂ ਪਿਛਲੇ ਕਈ ਸਾਲਾਂ ਵਿੱਚ ਭਾਰਤ ਨਾਲ ਮੁਕਾਬਲਤਨ ਘੱਟ ਵਪਾਰ ਕੀਤਾ ਹੈ ਕਿਉਂਕਿ ਉਨ੍ਹਾਂ ਦੇ ਟੈਰਿਫ ਬਹੁਤ ਜ਼ਿਆਦਾ ਹਨ, ਜੋ ਕਿ ਦੁਨੀਆ ਵਿੱਚ ਸਭ ਤੋਂ ਵੱਧ ਹਨ। ਟਰੰਪ ਦੇ ਅਨੁਸਾਰ, ਭਾਰਤ ਰੂਸ ਤੋਂ ਲਗਾਤਾਰ ਫੌਜੀ ਉਪਕਰਣ ਖਰੀਦ ਰਿਹਾ ਹੈ, ਜੋ ਕਿ ਸਹੀ ਨਹੀਂ ਹੈ। ਹਰ ਕੋਈ ਚਾਹੁੰਦਾ ਹੈ ਕਿ ਰੂਸ ਯੂਕਰੇਨ 'ਤੇ ਹਮਲਾ ਕਰਨਾ ਬੰਦ ਕਰੇ, ਪਰ ਭਾਰਤ ਰੂਸ ਨਾਲ ਵਪਾਰ ਲਗਾਤਾਰ ਵਧਾ ਰਿਹਾ ਹੈ, ਜੋ ਕਿ ਸਹੀ ਕਦਮ ਨਹੀਂ ਹੈ। ਇਸ ਲਈ, ਇਨ੍ਹਾਂ ਸਾਰੇ ਮਾਮਲਿਆਂ ਨੂੰ ਦੇਖਦੇ ਹੋਏ, ਅਮਰੀਕਾ ਨੇ ਭਾਰਤ 'ਤੇ 25 ਪ੍ਰਤੀਸ਼ਤ ਟੈਰਿਫ ਲਗਾਉਣ ਦਾ ਫੈਸਲਾ ਕੀਤਾ ਹੈ, ਅਤੇ ਇਹ 1 ਅਗਸਤ ਤੋਂ ਲਾਗੂ ਹੋਵੇਗਾ। ਇਹ ਧਿਆਨ ਦੇਣ ਯੋਗ ਹੈ ਕਿ ਇਸ ਵਿੱਤੀ ਸਾਲ ਦੀ ਅਪ੍ਰੈਲ-ਜੂਨ ਤਿਮਾਹੀ ਵਿੱਚ, ਭਾਰਤ ਦਾ ਅਮਰੀਕਾ ਨੂੰ ਨਿਰਯਾਤ 22.8 ਪ੍ਰਤੀਸ਼ਤ ਵਧ ਕੇ 25.51 ਅਰਬ ਡਾਲਰ ਹੋ ਗਿਆ, ਜਦੋਂ ਕਿ ਦਰਾਮਦ 11.68 ਪ੍ਰਤੀਸ਼ਤ ਵਧ ਕੇ 12.86 ਅਰਬ ਡਾਲਰ ਹੋ ਗਈ। ਇਹ ਧਿਆਨ ਦੇਣ ਯੋਗ ਹੈ ਕਿ ਅਮਰੀਕਾ ਅਤੇ ਭਾਰਤ ਵਪਾਰ ਸਮਝੌਤੇ ਲਈ ਗੱਲਬਾਤ ਕਰ ਰਹੇ ਹਨ। ਕਈ ਦੌਰ ਦੀ ਗੱਲਬਾਤ ਤੋਂ ਬਾਅਦ ਵੀ ਕੋਈ ਪ੍ਰਗਤੀ ਨਹੀਂ ਹੋਈ ਹੈ। ਅਮਰੀਕਾ ਦੀ ਇੱਕ ਟੀਮ ਅਗਲੇ ਮਹੀਨੇ ਭਾਰਤ ਦਾ ਦੌਰਾ ਕਰਨ ਜਾ ਰਹੀ ਹੈ। ਇਸ ਤੋਂ ਪਹਿਲਾਂ ਕੇਂਦਰੀ ਮੰਤਰੀ ਪਿਊਸ਼ ਗੋਇਲ ਨੇ ਕਿਹਾ ਸੀ ਕਿ ਅਮਰੀਕਾ ਨਾਲ ਵਪਾਰ ਸਮਝੌਤੇ 'ਤੇ ਗੱਲਬਾਤ ਚੱਲ ਰਹੀ ਹੈ। ਉਨ੍ਹਾਂ ਕਿਹਾ ਸੀ ਕਿ ਦੋ ਦੇਸ਼ਾਂ ਵਿਚਕਾਰ ਗੱਲਬਾਤ ਮੀਡੀਆ ਦੇ ਸਾਹਮਣੇ ਕੈਮਰੇ 'ਤੇ ਨਹੀਂ ਹੁੰਦੀ। ਗੱਲਬਾਤ ਦੋ ਦੇਸ਼ਾਂ ਵਿਚਕਾਰ ਹੁੰਦੀ ਹੈ ਅਤੇ ਉਹ ਅਮਰੀਕਾ ਨਾਲ ਚੱਲ ਰਹੀ ਹੈ। ਉਨ੍ਹਾਂ ਕਿਹਾ ਸੀ ਕਿ ਗੱਲਬਾਤ ਬਹੁਤ ਤੇਜ਼ੀ ਨਾਲ ਅਤੇ ਆਪਸੀ ਸਹਿਯੋਗ ਦੀ ਭਾਵਨਾ ਨਾਲ ਚੱਲ ਰਹੀ ਹੈ ਤਾਂ ਜੋ ਅਸੀਂ ਅਮਰੀਕਾ ਨਾਲ ਇੱਕ ਲਾਭਦਾਇਕ ਵਪਾਰ ਸਮਝੌਤਾ ਕਰ ਸਕੀਏ।

## ਜਾਪਾਨ ਦੀਆਂ 16 ਥਾਵਾਂ 'ਤੇ ਸੁਨਾਮੀ, ਅਮਰੀਕਾ ਦੇ ਕੈਲਿਫੋਰਨੀਆ ਤੇ ਹਵਾਈ 'ਚ ਹੜਕੰਪ, ਰੂਸ 'ਚ 8.8 ਦੀ ਤੀਬਰਤਾ ਵਾਲਾ ਭੂਚਾਲ



**ਮਾਸਕੋ, 30 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਰੂਸ ਦੇ ਦੂਰ-ਦਰਾਡੇ ਇਲਾਕੇ ਕਾਮਚਟਕਾ ਵਿੱਚ ਸਵੇਰੇ ਸਵੇਰੇ ਭੂਚਾਲ ਦੇ ਤੇਜ਼ ਝਟਕੇ ਮਹਿਸੂਸ ਕੀਤੇ ਗਏ। ਰਿਕਟਰ ਪੈਮਾਨੇ 'ਤੇ ਇਸ ਦੀ ਤੀਬਰਤਾ 8.8 ਦਰਜ ਕੀਤੀ ਗਈ ਹੈ। ਯੂਐੱਸ ਜਿਓਲੋਜੀਕਲ ਸਰਵੇ (USGS) ਦੇ ਅਨੁਸਾਰ ਇਹ ਭੂਚਾਲ ਸਮੁੰਦਰ ਹੇਠਾਂ ਆਇਆ। ਇਸ ਤੋਂ ਬਾਅਦ ਜਾਪਾਨ ਅਤੇ ਅਮਰੀਕਾ ਦੀਆਂ ਏਜੰਸੀਆਂ ਵੱਲੋਂ ਸੁਨਾਮੀ ਚੇਤਾਵਨੀ ਜਾਰੀ ਕੀਤੀ ਗਈ ਹੈ। ਰੂਸ ਵਿੱਚ ਭੂਚਾਲ ਦੇ ਬਾਅਦ ਹੁਣ ਸੁਨਾਮੀ ਵੀ ਆ ਚੁੱਕੀ ਹੈ। ਤਟਵਰਤੀ ਇਲਾਕਿਆਂ 'ਚ ਰਹਿ ਰਹੇ ਲੋਕਾਂ ਨੂੰ ਇਲਾਕਾ ਖਾਲੀ ਕਰਨ ਦੀ ਹਦਾਇਤ ਦਿੱਤੀ ਗਈ ਹੈ। ਰੂਸ ਵਿੱਚ ਆਏ ਭੂਚਾਲ ਕਾਰਨ ਕਾਫੀ ਨੁਕਸਾਨ ਹੋਇਆ ਹੈ। ਸੋਸ਼ਲ ਮੀਡੀਆ 'ਤੇ ਇੱਕ ਇਮਾਰਤ ਦੀ ਤਸਵੀਰ ਸਾਂਝੀ ਕੀਤੀ ਗਈ ਹੈ, ਜਿਸਦਾ ਸਾਹਮਣੇ ਵਾਲਾ ਹਿੱਸਾ ਢਹਿ ਚੁੱਕਾ ਹੈ।

**ਟਰੰਪ ਵੱਲੋਂ ਸੁਨਾਮੀ ਨੂੰ ਲੈ ਕੇ ਚੇਤਾਵਨੀ ਜਾਰੀ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਰੂਸ ਵਿੱਚ ਆਏ ਭੂਚਾਲ ਤੋਂ ਬਾਅਦ ਸੁਨਾਮੀ ਨੂੰ ਲੈ ਕੇ ਚੇਤਾਵਨੀ ਦਿੱਤੀ ਹੈ। ਉਨ੍ਹਾਂ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵੀ ਸਾਂਝੀ ਕੀਤੀ ਹੈ। ਕੈਲੀਫੋਰਨੀਆ ਦੇ ਤਟੀਏ ਖੇਤਰਾਂ ਵਿੱਚ ਸੁਨਾਮੀ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਭਾਰਤੀ ਸੁਨਾਮੀ ਚੇਤਾਵਨੀ ਕੇਂਦਰ ਨੇ ਸਾਫ ਕੀਤਾ ਹੈ ਕਿ ਇਸ ਭੂਚਾਲ ਕਾਰਨ ਭਾਰਤ ਅਤੇ ਹਿੰਦ ਮਹਾਸਾਗਰ ਖੇਤਰ ਲਈ ਸੁਨਾਮੀ ਦਾ ਕੋਈ ਖਤਰਾ ਨਹੀਂ ਹੈ। ਭੂਚਾਲ ਭਾਰਤੀ ਸਮੇਂ ਅਨੁਸਾਰ 30 ਜੁਲਾਈ ਨੂੰ ਸਵੇਰੇ 04:54 ਵਜੇ ਆਇਆ ਸੀ, ਜਿਸਦਾ ਕੇਂਦਰ ਰੂਸ ਦੇ ਕੰਮਚਾਤਕਾ ਦੇ ਪੂਰਬੀ ਤਟ ਤੋਂ ਲਗਭਗ 136 ਕਿਲੋਮੀਟਰ ਦੂਰ, 52.57 ਉੱਤਰੀ ਅਕਸ਼ਾਂਸ ਅਤੇ 160.08 ਪੂਰਵੀ ਦੇਸ਼ਾਂਤਰ 'ਤੇ ਸੀ। ਭੂਚਾਲ ਤੋਂ ਬਾਅਦ, ਜਾਪਾਨ, ਅਮਰੀਕਾ ਦੇ ਕੈਲੀਫੋਰਨੀਆ, ਫਿਲੀਪੀਨਜ਼, ਨਿਊਜ਼ੀਲੈਂਡ, ਮੈਕਸੀਕੋ, ਇੰਡੋਨੇਸ਼ੀਆ, ਫਿਜੀ, ਪੇਰੂ, ਪਾਪੂਆ ਨਿਊ ਗਿਨੀ, ਸਮੋਆ, ਤਾਈਵਾਨ, ਵਾਨੂਆਟੂ ਅਤੇ ਕਈ ਟਾਪੂ ਦੇਸ਼ਾਂ ਵਿੱਚ ਸੁਨਾਮੀ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ। ਅਗਲੇ ਕੁਝ ਘੰਟਿਆਂ ਵਿੱਚ ਇਨ੍ਹਾਂ ਸਾਰੇ ਇਲਾਕਿਆਂ ਵਿੱਚ ਸਮੁੰਦਰ ਕੰਢੇ ਭਾਰੀ ਲਹਿਰਾਂ ਆ ਸਕਦੀਆਂ ਹਨ।

## BBMB ਨੂੰ ਲੈ ਕੇ ਕੇਂਦਰ ਤੇ ਪੰਜਾਬ ਸਰਕਾਰ ਵਿਚਾਲੇ ਹੋਰ ਵਧਿਆ ਟਕਰਾਅ ! ਪੰਜਾਬ ਦੇ ਵਿਰੋਧ ਦੇ ਬਾਵਜੂਦ CISF ਦੀ ਤਾਇਨਾਤੀ ਲਈ ਰਸਤਾ ਸਾਫ



**ਨਵੀਂ ਦਿੱਲੀ, 30 ਜੁਲਾਈ (ਆਵਾਜ਼ਿ ਕੌਮ ਬਿਊਰੋ )**-ਪੰਜਾਬ ਦੇ ਸਖ਼ਤ ਵਿਰੋਧ ਦੇ ਬਾਵਜੂਦ, ਬੀਬੀਐਮਬੀ ਨੇ ਭਾਖੜਾ ਡੈਮ 'ਤੇ ਸੀਆਈਐਸਐਫ ਦੀ ਤਾਇਨਾਤੀ ਦਾ ਰਸਤਾ ਸਾਫ਼ ਕਰ ਦਿੱਤਾ ਹੈ। ਬੀਬੀਐਮਬੀ ਨੇ ਕੇਂਦਰੀ ਉਦਯੋਗਿਕ ਸੁਰੱਖਿਆ ਬਲ ਦੀ ਤਾਇਨਾਤੀ ਲਈ ਕੇਂਦਰੀ ਗ੍ਰਹਿ ਮੰਤਰਾਲੇ ਕੋਲ 8.5 ਕਰੋੜ ਰੁਪਏ ਜਮ੍ਹਾ ਕਰਵਾਏ ਹਨ। ਦੱਸ ਦਈਏ ਕਿ ਜੁਲਾਈ ਨੂੰ ਜਿਸ ਸਮੇਂ ਬੋਰਡ ਦੀ ਮੀਟਿੰਗ ਹੋਈ ਸੀ ਤਾਂ ਇਸ ਮੀਟਿੰਗ 'ਚ ਪੰਜਾਬ ਸਰਕਾਰ ਨੇ ਸੀਆਈਐਸਐਫ ਦੀ ਤਾਇਨਾਤੀ ਦਾ ਸਖਤ ਵਿਰੋਧ ਕੀਤਾ ਸੀ। ਇਸ ਤੋਂ ਬਾਅਦ ਪੰਜਾਬ ਵਿਧਾਨ ਸਭਾ ਨੇ ਵੀ ਬੀਬੀਐਮਬੀ ਵਿੱਚ ਸੀਆਈਐਸਐਫ ਦੀ ਤਾਇਨਾਤੀ ਵਿਰੁੱਧ ਇੱਕ ਮਤਾ ਪਾਸ ਕੀਤਾ। ਸੂਤਰਾਂ ਨੇ ਦੱਸਿਆ ਕਿ ਬੀਬੀਐਮਬੀ ਪ੍ਰਬੰਧਨ ਨੇ ਪੂਰੀ ਬੋਰਡ ਮੀਟਿੰਗ ਤੋਂ 21 ਦਿਨ ਬਾਅਦ 25 ਜੁਲਾਈ ਨੂੰ ਕੇਂਦਰੀ ਗ੍ਰਹਿ ਮੰਤਰਾਲੇ ਕੋਲ ਪੈਸੇ ਜਮ੍ਹਾ ਕਰਵਾ ਦਿੱਤੇ। ਇਸ ਤੋਂ ਬਾਅਦ ਬੋਰਡ ਦੇ ਪੰਜਾਬ ਮੈਂਬਰ ਨੇ ਬੀਬੀਐਮਬੀ ਪ੍ਰਬੰਧਨ ਨੂੰ ਲਿਖਤੀ ਰੂਪ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਸੀਆਈਐਸਐਫ ਦੀ ਤਾਇਨਾਤੀ ਲਈ ਸੰਗਠਨ ਨੂੰ ਕੁਝ ਵੀ ਨਹੀਂ ਦੇਵੇਗੀ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ 2021 ਵਿੱਚ ਬੀਬੀਐਮਬੀ ਵਿੱਚ ਸੀਆਈਐਸਐਫ ਦੀ ਤਾਇਨਾਤੀ ਲਈ ਇੱਕ ਪੂਰੀ ਬੋਰਡ ਮੀਟਿੰਗ ਵਿੱਚ ਸਹਿਮਤੀ ਦੇ ਦਿੱਤੀ ਸੀ। ਲਗਭਗ ਦੋ ਮਹੀਨੇ ਪਹਿਲਾਂ, ਕੇਂਦਰੀ ਗ੍ਰਹਿ ਮੰਤਰਾਲੇ ਨੇ ਬੀਬੀਐਮਬੀ ਨੂੰ ਸੀਆਈਐਸਐਫ ਦੀ ਤਾਇਨਾਤੀ ਲਈ 8.5 ਕਰੋੜ ਰੁਪਏ ਜਮ੍ਹਾਂ ਕਰਵਾਉਣ ਲਈ ਲਿਖਿਆ ਸੀ। ਹਾਲਾਂਕਿ, ਇਸ ਸਾਲ ਮਈ ਵਿੱਚ ਨੰਗਲ ਡੈਮ ਤੋਂ ਪਾਣੀ ਦੀ ਵੰਡ ਨੂੰ ਲੈ ਕੇ ਪੰਜਾਬ ਵਿੱਚ ਵਿਵਾਦ ਪੈਦਾ ਹੋ ਗਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੀਬੀਐਮਬੀ ਪ੍ਰਬੰਧਨ ਨੂੰ ਹਰਿਆਣਾ ਤੋਂ ਵਾਧੂ ਪਾਣੀ ਛੱਡਣ ਦੀ ਇਜਾਜ਼ਤ ਨਾ ਦੇਣ 'ਤੇ ਨੰਗਲ ਡੈਮ ਵਿਖੇ ਧਰਨਾ ਦਿੱਤਾ। ਫਿਰ ਉਨ੍ਹਾਂ ਨੇ ਬੀਬੀਐਮਬੀ ਵਿੱਚ ਸੀਆਈਐਸਐਫ ਦੀ ਤਾਇਨਾਤੀ ਦਾ ਵਿਰੋਧ ਕੀਤਾ ਅਤੇ ਇਸਨੂੰ ਰਾਜ ਦੇ ਅਧਿਕਾਰਾਂ ਦੀ ਉਲੰਘਣਾ ਦੱਸਿਆ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

## RAGHBIR SINGH (Call : +44 7976 210161)
## 121. Broadway west Walsall, West Midlands, WS1 4DW, England uk


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੇਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |



ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ
ਆਵਾਜ਼ਿ ਕੌਮ AWAZE QAUM TV
AWAZE QAUM TOURS & TRAVELS
ORGANISE
PANJ TAKHAT YATRA
ਪੰਜ ਤਖ਼ਤ ਦਰਸ਼ਨ ਯਾਤਰਾ
( FROM 15th FEB 2026 TO 25th FEB 2026 )
10 Nights 11 Days Tour From 15th Feb 2026 to 25th Feb 2026
AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS
• Luxury Hotel with Breakfast & Dinner
• Luxury Air-conditioned Coaches
• Domestic Flights
• Guide
• Flexibility to stay in India before & after the trip*
• Starting and Ending Point at Jalandhar
NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE
Account Name RAGHBIR SINGH
Bank Name HALIFAX
Sort Code 11-08-07
Account Number 00516474
ADVICE
REQUEST TO ALL SANGAT TO HAVE YOUR OWN TRAVEL INSURANCE INDIVIDUALLY !
FOR MORE INFO CONTACT
RAGHBIR SINGH
(CALL +44 7458 381111, +44 7976 210161)
PARAMJIT SHERGILL +44 7858 198159
INDERJIT KAUR +44 7883 635835
KULVINDER MANN +44 7900 982906
121, BROADWAY WEST WALSALL, WEST MIDLANDS, WS1 4DW, ENGLAND UK









ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ





ੴ ਸਤਿਗੁਰ ਪ੍ਰਸਾਦਿ
ਸਿਖਹੁ ਸੁਨਹੁ ਸੀਖ ਇਹ ਮੇਰੀ॥ ਬਾਣੀ ਪਢਹੁ ਸੁਧ ਗੁਰ ਕੇਰੀ॥ ਪਢੇ ਮਹਾਤਮ ਲਹੈ ਬਿਸਾਲਾ॥ ਹਲਤ ਪਲਤ ਮਹਿ ਹੋਇ ਨਿਹਾਲਾ॥
ਗੁਰਦੁਆਰਾ ਸਾਹਿਬ ਰਿਵਰਸਾਈਡ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ
ਜੂਨ 29, 2025 ਤੋਂ ਅਗਸਤ 3, 2025 ਤੱਕ
ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੋ 8:00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ
YouTube LIVE STREAM @gurdwarasahibriverside
951-201-7034, 832-541-9136, 951-685-9701
7940 Mission Blvd Jurupa Valley 92509
ਆਵਾਜ਼ਿ ਕੌਮ AWAZE QAUM
International Newspaper & WEB TV


--✶ ਗੁਰੂ ਪੰਥ ਦਾ ਸੇਵਾਦਾਰ ✶--
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
, ਜਥਾ ਭਿੰਡਰਾਂ, ਮਹਿਤਾ
ਅਤੇ ਪ੍ਰਧਾਨ ਸੰਤ ਸਮਾਜ




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਦਾ ਪੱਤਰ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ,

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਮਹਾਰਾਜ ਜੀ ਦੇ 350 ਸਾਲਾ ਗੁਰਤਾ ਗੱਦੀ ਦਿਵਸ ਅਤੇ

## ਦਮਦਮੀ ਟਕਸਾਲ ਦੇ 319ਵੇਂ ਸਥਾਪਨਾ ਦਿਵਸ ਨੂੰ ਸਮਰਪਿਤ

# ਮਹਾਨ ਗੁਰਮਤਿ ਸਮਾਗਮ

ਮਿਤੀ 1 ਅਗਸਤ 2025
ਦਿਨ ਸ਼ੁੱਕਰਵਾਰ ਤੋਂ
7 ਅਗਸਤ 2025 ਦਿਨ ਵੀਰਵਾਰ ਤੱਕ

ਅਸਥਾਨ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)

ਵਿਖੇ ਕਰਵਾਏ ਜਾ ਰਹੇ ਹਨ।
ਸਵੇਰੇ ਕਥਾ ਦਾ ਸਮਾਂ : ਸਵੇਰੇ 6:15 ਵਜੇ ਤੋਂ 7:00 ਵਜੇ ਤੱਕ
ਸ਼ਾਮ ਨੂੰ ਕਥਾ ਦਾ ਸਮਾਂ : ਸ਼ਾਮ 5:30 ਵਜੇ ਤੋਂ 6:15 ਤੱਕ

ਆਰੰਭ ਸ੍ਰੀ ਅਖੰਡ ਪਾਠ ਸਾਹਿਬ
ਮਿਤੀ 5 ਅਗਸਤ 2025
ਦਿਨ ਮੰਗਲਵਾਰ ਸਮਾਂ ਸਵੇਰੇ 8:00 ਵਜੇ

ਭੋਗ ਸ੍ਰੀ ਅਖੰਡ ਪਾਠ ਸਾਹਿਬ
ਮਿਤੀ 7 ਅਗਸਤ 2025
ਦਿਨ ਵੀਰਵਾਰ ਸਮਾਂ ਸਵੇਰੇ 8:30 ਵਜੇ

ਭੋਗ ਉਪਰੰਤ
ਸਵੇਰੇ 09:30 ਵਜੇ ਤੋਂ
02:00 ਵਜੇ ਤੱਕ
ਮਹਾਨ ਗੁਰਮਤਿ ਸਮਾਗਮ ਹੋਣਗੇ

ਜਿਸ ਵਿੱਚ ਸੰਤ ਮਹਾਂ ਪੁਰਖ ਹਾਜਰੀਆਂ ਭਰਣਗੇ।



6 ਅਤੇ 7 ਅਗਸਤ ਨੂੰ ਵਰਤਮਾਨ ਮੁਖੀ ਦਮਦਮੀ ਟਕਸਾਲ,
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ।

ਸੋ ਆਪ ਜੀ ਨੂੰ ਬੇਨਤੀ ਹੈ
ਆਪ ਜੀ ਅਤੇ ਸੰਗਤਾ ਸਮੇਤ ਸਮੇਂ ਸਿਰ ਆਉਣ ਦੀ
ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ,
ਪ੍ਰਧਾਨ ਸੰਤ ਸਮਾਜ, ਮੋ:98551-17300

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।**

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

**ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।**

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

**ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।**

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




**ਸਿੱਖ ਰਿਕਵਰੀ ਨੈੱਟਵਰਕ ਯੂਕੇ, ਨਸ਼ਾ ਛੁੜਵਾਣ ਵਿਚ ਮੱਦਦ ਕਰਨ ਵਾਲੀ ਸੰਸਥਾ ਵੱਲੋਂ**

# ਕੈਨੇਡਾ ਦਾ ਸਫਲ ਦੌਰਾ - ਜਸਵਿੰਦਰ ਸਿੰਘ ਰਾਏ




**ਨਵੀਂ ਦਿੱਲੀ 30 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਰਿਕਵਰੀ ਨੈੱਟਵਰਕ ਜੋ ਕਿ ਇੰਗਲੈਂਡ ਵਿੱਚ ਨਸ਼ੇ ਛੁਡਾਉਣ ਲਈ ਸਥਾਪਿਤ ਕੀਤੀ ਹੋਈ ਸੰਸਥਾ ਹੈ ਬੀਤੇ ਦਿਨੀ ਕੈਨੇਡਾ ਦਾ ਬਹੁਤ ਹੀ ਸਫਲਤਾਪੂਰਵਕ ਦੌਰਾ ਕੀਤਾ ਗਿਆ। ਸੰਸਥਾ ਵੱਲੋਂ ਅਯੋਜਿਤ ਕੈਂਪਾਂ ਵਿੱਚ 21 ਤੋਂ 77 ਸਾਲ ਦੀ ਉਮਰ ਵਾਲਿਆਂ ਦੇ ਭਰਵੇਂ ਇਕੱਠ ਹੋਏ। ਅਸੀਂ ਉਮੀਦ ਕਰਦੇ ਹਾਂ ਕਿ ਭਵਿੱਖ ਵਿੱਚ ਵੀ ਕੈਨੇਡਾ ਟੀਮ ਨਾਲ ਸੰਪਰਕ ਬਣਿਆ ਰਹੇਗਾ ਅਤੇ ਇਕ ਟੀਮ ਦੀ ਤਰ੍ਹਾਂ ਕੰਮ ਕਰਦੇ ਹੋਏ ਕੈਨੇਡਾ ਅਤੇ ਹੋਰ ਦੇਸ਼ਾਂ ਵਿੱਚ ਨਸ਼ਿਆ ਦੀ ਆਦਤ ਤੋਂ ਪੀੜਤ ਵਿਅਕਤੀਆਂ ਦੀ ਮੱਦਦ ਕਰਨ ਦੀ ਕੋਸ਼ਿਸ਼ ਕਰਦੇ ਰਹਾਂਗੇ। ਜਿਕਰਯੋਗ ਹੈ ਕਿ ਸਿੱਖ ਰਿਕਵਰੀ ਨੈੱਟਵਰਕ ਸੰਸਥਾ ਇੰਗਲੈਂਡ ਵਿੱਚ ਸੰਨ 2016 ਵਿੱਚ ਸਥਾਪਤ ਕੀਤੀ ਗਈ ਹੈ। ਸੰਨ 2023 ਤੋਂ ਲੈ ਕੇ ਹੁਣ ਤੱਕ 7 ਨਸ਼ਾ ਛੁਡਾਊ ਕੈਂਪ ਲਗਾਏ ਗਏ ਹਨ ਇਨ੍ਹਾ ਵਿੱਚ ਨਸ਼ਿਆਂ ਦੀ ਆਦਤ ਤੋਂ ਛੁਟਕਾਰਾ ਪਾਉਣ ਲਈ ਧਰਮ ਅਧਾਰਿਤ ਹੱਲ ਪ੍ਰਦਾਨ ਕੀਤਾ ਜਾਂਦਾ ਹੈ । ਸੰਸਥਾ ਦਾ ਅਗਲਾ ਕੈਂਪ ਸਿਤੰਬਰ ਮਹੀਨੇ ਟੈਲਫੋਰਡ ਸ਼ਹਿਰ ਵਿੱਚ ਲਗਾਇਆ ਜਾਵੇਗਾ। ਉਨ੍ਹਾਂ ਦਸਿਆ ਕਿ ਨਸ਼ਾ ਛੁਡਾਉਣ ਦੇ ਖੇਤਰ ਵਿੱਚ ਉਨ੍ਹਾਂ ਦੀ ਸੰਸਥਾ ਸਿੱਖ ਰਿਕਵਰੀ ਨੈੱਟਵਰਕ ਇੰਗਲੈਂਡ ਯੂਕੇ ਦੀ ਸਰਕਾਰ ਵੱਲੋਂ ਵੀ ਮਾਨਤਾ ਪ੍ਰਾਪਤ ਹੈ। ਅੰਤ ਵਿਚ ਉਨ੍ਹਾਂ ਕਿਹਾ ਕਿ ਅਸੀਂ ਸ਼ੇਅਰ ਚੈਰਿਟੀ ਯੂਕੇ, ਨੈਸ਼ਨਲ ਸਿੱਖ ਪੁਲਿਸ ਐਸੋਸੀਏਸ਼ਨ ਯੂਕੇ, ਸਿੱਖ ਅਲਾਇੰਸ ਫਾਊਂਡੇਸ਼ਨ, ਖਾਲਸਾ ਸੈਂਟਰ ਮਿਰਾਕਲ ਵੈਲੀ ਕਨੇਡਾ, ਵਾਪਸੀ ਰਿਕਵਰੀ ਹਾਊਸ ਕੈਨੇਡਾ, ਸੁੱਖ ਸਾਗਰ ਗੁਰਦਵਾਰਾ ਸਾਹਿਬ, ਗੁਰਦਵਾਰਾ ਦੁੱਖ ਨਿਵਾਰਨ ਸਾਹਿਬ ਸਰੀ ਬੀਸੀ, ਅਖੰਡ ਕੀਰਤਨੀ ਜਥਾ, ਖਾਲਸਾ ਸਕੂਲ ਨਿਊਟਨ, ਰੈੱਡ ਐਫਐਮ, ਕੁਨੈਕਟ, ਸ਼ੇਰੇ ਪੰਜਾਬ ਰੇਡੀਓ ਸਟੇਸ਼ਨ, ਅਨੰਦ ਫਾਊਂਡੇਸ਼ਨ ਅਤੇ ਭਾਈ ਬਲਦੀਪ ਸਿੰਘ ਜੀ ਦੇ ਸੁਹਿਰਦ ਸਹਿਯੋਗ ਲਈ ਅਤਿ ਧੰਨਵਾਦੀ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਯੁਕਤ ਮਨੁੱਖੀ ਅਧਿਕਾਰ ਕਮੇਟੀ ਵਲੋਂ ਯੂਕੇ ਵਿੱਚ ਜਾਰੀ ਕੀਤੀ ਅੰਤਰ-ਰਾਸ਼ਟਰੀ ਦਮਨ ਬਾਰੇ ਪ੍ਰਕਾਸ਼ਿਤ ਰਿਪੋਰਟ ਵਿੱਚ ਭਾਰਤ ਦਾ ਨਾਮ

## ਕਮੇਟੀ ਵਲੋਂ ਜਾਰੀ ਰਿਪੋਰਟ ਵਿਚ ਭਾਰਤ ਸਰਕਾਰ ਵਿਰੁੱਧ ਸਬੂਤਾਂ ਨੂੰ ਸਹੀ ਢੰਗ ਨਹੀਂ ਦਰਸਾਣਾ ਚਿੰਤਾਜਨਕ: ਦਬਿੰਦਰਜੀਤ ਸਿੰਘ



**ਨਵੀਂ ਦਿੱਲੀ, 30 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਯੂਕੇ ਅਤੇ ਹੋਰ ਦੇਸ਼ਾਂ ਅੰਦਰ ਸਿੱਖਾਂ ਅਤੇ ਸਿੱਖ ਸੰਸਦ ਮੈਂਬਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਬਾਰੇ ਇਕ ਰਿਪੋਰਟ ਪ੍ਰਕਾਸ਼ਿਤ ਕੀਤੀ ਗਈ ਸੀ ਅਤੇ ਬਾਅਦ ਵਿੱਚ ਵਿਅਕਤੀ ਦੀ ਪਛਾਣ ਅਤੇ ਸੰਭਾਵੀ ਬਦਲਾਖੋਰੀ ਦੇ ਚਿੰਤਾਵਾਂ ਦੇ ਕਾਰਨ ਇਸਨੂੰ ਹਟਾ ਦਿੱਤਾ ਗਿਆ ਸੀ। ਸਿੱਖ ਫੈਡਰੇਸ਼ਨ (ਯੂਕੇ) ਦੇ ਰਾਜਨੀਤਿਕ ਸ਼ਮੂਲੀਅਤ ਲਈ ਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਓਬੀਈ ਨੇ ਕਿਹਾ ਕਿ ਪ੍ਰਕਾਸ਼ਿਤ ਬੇਨਤੀਆਂ ਵਿੱਚੋਂ ਲਗਭਗ 20% ਯੂਕੇ ਵਿੱਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਵਿੱਚ ਭਾਰਤ ਸਰਕਾਰ ਦੀ ਸ਼ਮੂਲੀਅਤ ਦਾ ਜ਼ਿਕਰ ਕਰਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਦਸਿਆ ਕਿ ਕਮੇਟੀ ਨੇ 21 ਮਈ ਨੂੰ ਸਿੱਖ ਫੈਡਰੇਸ਼ਨ (ਯੂਕੇ) ਦੇ ਪ੍ਰਤੀਨਿਧੀਆਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਸੀ । ਉਨ੍ਹਾਂ ਕਿਹਾ ਕਿ ਅਸੀਂ ਬਹੁਤ ਨਿਰਾਸ਼ ਹਾਂ ਕਿ ਰਿਪੋਰਟ ਭਾਰਤ ਸਰਕਾਰ ਦੁਆਰਾ ਸਿੱਖ ਕਾਰਕੁਨਾਂ ਨੂੰ ਦਰਸਾਉਣ ਵਾਲੇ ਖ਼ਤਰੇ ਬਾਰੇ ਪੇਸ਼ ਕੀਤੇ ਅਤੇ ਪ੍ਰਕਾਸ਼ਿਤ ਸਬੂਤਾਂ ਨੂੰ ਸਹੀ ਢੰਗ ਨਾਲ ਨਹੀਂ ਦਰਸਾਉਂਦੀ ਹੈ। ਰਿਪੋਰਟ ਨੇ ਭਾਰਤ ਸਰਕਾਰ ਦੀ ਭੂਮਿਕਾ ਨੂੰ ਘੱਟ ਕੀਤਾ ਹੈ ਅਤੇ ਸਿੱਖ ਕਾਰਕੁਨਾਂ, ਜਿਨ੍ਹਾਂ ਵਿੱਚ ਸਿੱਖ ਸੰਸਦ ਮੈਂਬਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਦਾ ਜ਼ਿਕਰ ਕਰਨ ਵਿੱਚ ਅਸਫਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸ਼ੱਕ ਹੈ ਕਿ ਇਹ ਯੂਕੇ ਸਰਕਾਰ ਦੇ ਦਬਾਅ ਨੂੰ ਦਰਸਾਉਂਦਾ ਹੈ ਕਿਉਂਕਿ ਇਹ ਕੈਨੇਡਾ ਵਾਂਗ ਭਾਰਤ ਨੂੰ ਇਸ ਮਸਲੇ ਤੇ ਜੁਆਬਦੇਹ ਨਹੀਂ ਬਣਾਉਣਾ ਚਾਹੁੰਦੀ ਹੈ । ਉਨ੍ਹਾਂ ਕਿਹਾ ਕਿ ਜਾਰੀ ਕੀਤੀ ਗਈ ਰਿਪੋਰਟ ਦੇ ਪ੍ਰਕਾਸ਼ਨ ਤੋਂ ਪਹਿਲਾਂ ਕਮੇਟੀ ਦੁਆਰਾ ਸਾਨੂੰ ਭਰੋਸਾ ਦਿੱਤਾ ਗਿਆ ਹੈ ਕਿ ਸਬੰਧਤ ਮੰਤਰੀ ਸਾਡੇ ਦੁਆਰਾ ਪੇਸ਼ ਕੀਤੇ ਗਏ ਵਿਸਤ੍ਰਿਤ ਸਬੂਤਾਂ ਦੀ ਜਾਂਚ ਕਰਨਗੇ। ਹਾਲਾਂਕਿ, ਇਹ ਸਾਡੀ ਉਮੀਦ ਤੋਂ ਘੱਟ ਹੈ ਅਤੇ ਇਹ 1947 ਤੋਂ ਯੂਕੇ ਸਰਕਾਰ ਦੀ ਨੀਤੀ ਦਾ ਵਿਸਥਾਰ ਹੈ ਜੋ ਭਾਰਤ ਦੇ ਅੰਤਰਰਾਸ਼ਟਰੀ ਦਮਨ ਦੇ ਸਾਹਮਣੇ ਝੁਕ ਜਾਂਦੀ ਹੈ ਅਤੇ ਜਦੋਂ ਯੂਕੇ ਵਿੱਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਆਉਂਦੀ ਹੈ ਤਾਂ ਨਿੱਜੀ ਕੂਟਨੀਤੀ ਦਾ ਸਹਾਰਾ ਲੈਂਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਤਿੰਨ ਮਹੱਤਵਪੂਰਨ ਬੇਨਤੀਆਂ ਉਪਰ ਕਾਰਵਾਈ ਬਾਰੇ ਦਸੋ ਜੋ ਅਸੀਂ ਤੁਹਾਨੂੰ 23 ਜੁਲਾਈ ਨੂੰ ਈਮੇਲ ਕੀਤੀਆਂ ਸਨ । ਉਨ੍ਹਾਂ ਕਿਹਾ ਕਿ ਅਸੀਂ ਅਗਲੇ ਹਫ਼ਤੇ ਕਮੇਟੀ ਦੁਆਰਾ ਇੱਕ ਗੰਭੀਰ ਡੇਟਾ ਉਲੰਘਣਾ ਦਾ ਖੁਲਾਸਾ ਕਰਾਂਗੇ ਜਿਸਨੇ ਸਿੱਖ ਕਾਰਕੁਨਾਂ ਦੀ ਸੁਰੱਖਿਆ ਅਤੇ ਸੁਰੱਖਿਆ ਨਾਲ ਸਮਝੌਤਾ ਕੀਤਾ ਹੈ ਕਿਉਂਕਿ ਸਾਡੀ ਗੁਪਤ ਜਾਣਕਾਰੀ ਭਾਰਤ ਸਰਕਾਰ ਨਾਲ ਸਾਂਝੀ ਕੀਤੀ ਗਈ ਹੈ। ਪ੍ਰਧਾਨ ਮੰਤਰੀ, ਉਨ੍ਹਾਂ ਦੇ ਚੀਫ਼ ਆਫ਼ ਸਟਾਫ਼, ਸੁਰੱਖਿਆ ਮੰਤਰੀ ਅਤੇ ਹੋਰਾਂ ਨੂੰ ਮਨੁੱਖੀ ਗਲਤੀ ਕਾਰਨ ਹੋਈ ਇਸ ਅਸਵੀਕਾਰਨਯੋਗ ਡੇਟਾ ਉਲੰਘਣਾ ਬਾਰੇ ਜਾਣੂ ਕਰਵਾ ਦਿੱਤਾ ਗਿਆ ਹੈ, ਪਰ ਅਸੀਂ ਇਹ ਦੇਖਣ ਦੀ ਉਡੀਕ ਕਰ ਰਹੇ ਹਾਂ ਕਿ ਉਨ੍ਹਾਂ ਵਲੋਂ ਕੀ ਕਾਰਵਾਈ ਕੀਤੀ ਜਾਵੇਗੀ।

### ਜੈਨੇਸਿਸ ਡੈਂਟਲ ਕਾਲਜ ਨੇ ਐਮ.ਐਲ.ਐਮ ਸਕੂਲ ਵਿਚ

# ਲਾਇਆ ਡੈਂਟਲ ਚੈਕਅਪ ਕੈਂਪ




**ਫ਼ਿਰੋਜ਼ਪੁਰ, 30 ਜੁਲਾਈ (ਮਨੋਹਰ ਲਾਲ) :—** ਫਿਰੋਜ਼ਪੁਰ ਕੈਂਟ ਵਿਖੇ ਸਥਿਤ ਐਮ.ਐਲ.ਐਮ. ਸਕੂਲ ਵਿੱਚ ਅੱਜ ਜੇਨੇਸਿਸ ਡੈਂਟਲ ਕਾਲਜ ਵੱਲੋਂ ਇਕ ਦਿਨਾ ਡੈਂਟਲ ਚੈਕਅੱਪ ਕੈਂਪ ਲਗਾਇਆ ਗਿਆ। ਇਸ ਮੌਕੇ ਕਾਲਜ ਵੱਲੋਂ ਡਾ: ਸੁਕਿਰਤ ਕੌਰ, ਡਾ: ਸਾਖਸ਼ੀ ਅਤੇ ਡਾ: ਸਮਰ ਨੇ ਸਕੂਲ ਦੇ ਬੱਚਿਆਂ ਦੇ ਦੰਦਾਂ ਦੀ ਮੁਫ਼ਤ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਮੂੰਹ ਦੀ ਸਿਹਤ ਸਬੰਧੀ ਜ਼ਰੂਰੀ ਜਾਣਕਾਰੀਆਂ ਵੀ ਦਿੱਤੀਆਂ। ਸਕੂਲ ਪ੍ਰਿੰਸਿਪਲ ਨਵੀਤਾ ਸ਼ਰਮਾ ਨੇ ਇਸ ਪਹਿਲ ਦੀ ਸਰਾਹਣਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਬੱਚਿਆਂ ਵਿੱਚ ਦੰਦਾਂ ਦੀ ਸਿਹਤ ਨੂੰ ਲੈ ਕੇ ਜਾਗਰੂਕਤਾ ਵਧਾਉਂਦੇ ਹਨ, ਉਥੇ ਹੀ ਜੇਨੇਸਿਸ ਡੈਂਟਲ ਕਾਲਜ ਦੇ ਪ੍ਰੋਫੈਸਰ ਲਲਿਤ ਮੋਹਨ ਗੋਯਲ ਨੇ ਦੱਸਿਆ ਕਿ ਕਾਲਜ ਦਾ ਮਕਸਦ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਬੱਚਿਆਂ ਨੂੰ ਵਧੀਆ ਡੈਂਟਲ ਕੇਅਰ ਮੁਹਈਆ ਕਰਵਾਉਣਾ ਹੈ। ਕਾਰਜਕ੍ਰਮ ਦੀ ਸਫਲਤਾ ਵਿੱਚ ਸਕੂਲ ਸਟਾਫ ਸ਼ਵੇਤਾ ਅਰੋੜਾ, ਵਿਨੈ ਸਿੰਘਲ, ਵਿਸ਼ਾਲ ਸਿੰਘਲ, ਵਿਜੇ ਗੁਪਤਾ, ਬ੍ਰਿਜਮੋਹਨ, ਢੀਂਗਰਾ ਅਤੇ ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਤੇ ਮੰਜੀਤ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

### ਅਮਨਦੀਪ ਹਸਪਤਾਲ ਵਿਚ

# ਲਗਾਇਆ ਮੁਫਤ ਫਾਈਬ੍ਰੋ ਸਕੈਨ ਕੈਂਪ




ਫ਼ਿਰੋਜ਼ਪੁਰ, 30 ਜੁਲਾਈ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਅੱਜ ਹਸਪਤਾਲ ਪਰਿਸਰ ਵਿੱਚ ਮੁਫ਼ਤ ਫਾਈਬ੍ਰੋ ਸਕੈਨ ਟੈਸਟ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਜ਼ਿਲਾ ਬਾਰ ਅਸੋਸੀਏਸ਼ਨ ਫ਼ਿਰੋਜ਼ਪੁਰ ਦੇ ਪ੍ਰਧਾਨ ਅਤੇ ਲਾਇਨਜ਼ ਕਲੱਬ ਆਸ਼ੀਰਵਾਦ ਦੇ ਸਾਂਝੇ ਉਪਰਾਲੇ ਹੇਠ ਕਰਵਾਇਆ ਗਿਆ। ਕੈਂਪ ਦਾ ਉਦਘਾਟਨ ਜ਼ਿਲਾ ਬਾਰ ਅਸੋਸੀਏਸ਼ਨ ਫ਼ਿਰੋਜ਼ਪੁਰ ਦੇ ਪ੍ਰਧਾਨ ਐਡਵੋਕੇਟ ਲਵਦੀਪ ਸਿੰਘ ਅਤੇ ਲਾਇਨਜ਼ ਕਲੱਬ ਆਸ਼ੀਰਵਾਦ ਦੇ ਪ੍ਰਧਾਨ ਲਾਇਨ ਸੰਤੋਖ ਤਾਖੀ ਨੇ ਸਾਂਝੇ ਤੌਰ 'ਤੇ ਕੀਤਾ। ਅਮਨਦੀਪ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਸ ਕੈਂਪ ਵਿੱਚ 100 ਤੋਂ ਵੱਧ ਮਰੀਜ਼ਾਂ ਨੇ ਆਪਣੇ ਲਿਵਰ ਦੀ ਜਾਂਚ ਕਰਵਾਈ। ਇਸ ਮੌਕੇ ਗੈਸਟ੍ਰੋ ਅਤੇ ਲਿਵਰ ਬਿਮਾਰੀਆਂ ਦੇ ਵਿਸ਼ੇਸ਼ ਡਾ: ਅਰਸ਼ਿਦ ਇਕਬਾਲ ਕਾਦਰੀ ਨੇ ਮਰੀਜ਼ਾਂ ਨੂੰ ਮੁਫ਼ਤ ਪਰਾਮਰਸ਼ ਦਿੱਤੇ ਅਤੇ ਉਨ੍ਹਾਂ ਦੀਆਂ ਸਿਹਤ ਸੰਬੰਧੀ ਸਮੱਸਿਆਵਾਂ ਦਾ ਨਿਪਟਾਰਾ ਕੀਤਾ। ਉਨ੍ਹਾਂ ਕਿਹਾ ਕਿ ਲਿਵਰ ਦੀਆਂ ਸਮੱਸਿਆਵਾਂ ਦੀ ਸਮੇਂ ਸਿਰ ਜਾਂਚ ਅਤੇ ਠੀਕ ਇਲਾਜ ਬਹੁਤ ਜ਼ਰੂਰੀ ਹੁੰਦਾ ਹੈ। ਹਸਪਤਾਲ ਪ੍ਰਬੰਧਨ ਵੱਲੋਂ ਇਸ ਕੈਂਪ ਨੂੰ ਕਾਮਯਾਬ ਬਣਾਉਣ ਲਈ ਸਾਰੀਆਂ ਸਹਿਯੋਗੀ ਸੰਸਥਾਵਾਂ ਅਤੇ ਡਾਕਟਰਾਂ ਦਾ ਧੰਨਵਾਦ ਕੀਤਾ ਗਿਆ ਤੇ ਭਵਿੱਖ ਵਿਚ ਵੀ ਐਸੇ ਲੋਕ ਭਲਾਈ ਵਾਲੇ ਕੈਂਪ ਲਗਾਉਣ ਦਾ ਸੰਕਲਪ ਦੋਹਰਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਣਾ ਸ਼ੂਗਰ ਮਿਲ ਬੁਟਰ ਵੱਲੋਂ ਹੋ ਰਹੇ ਪ੍ਰਦੂਸ਼ਣ ਦਾ ਜਲਦ ਹੋਵੇਗਾ ਹੱਲ : ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ




**ਚੌਂਕ ਮਹਿਤਾ, 30 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਅੱਜ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਜੀ ਈਟੀਓ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਤੇ ਬੁੱਟਰ ਸ਼ੂਗਰ ਮਿਲ ਵੱਲੋਂ ਫੈਲਾਏ ਜਾ ਰਹੇ ਪ੍ਰਦੂਸ਼ਣ ਤੋਂ ਪ੍ਰਭਾਵਿਤ ਨੇੜਲੇ ਪਿੰਡਾਂ ਦੇ ਮੋਹਤਵਰਾਂ ਅਤੇ ਸਰਪੰਚਾਂ ਦੀ ਡੀਡੀਪੀਓ ਅੰਮ੍ਰਿਤਸਰ ਅਤੇ ਚੇਅਰਮੈਨ ਮਾਰਕੀਟ ਕਮੇਟੀ ਸ੍ਰ ਗੁਰਵਿੰਦਰ ਸਿੰਘ ਰੰਧਾਵਾ ਦੀ ਰਹਿਨੁਮਾਈ ਵਿੱਚ ਮੀਟਿੰਗ ਹੋਈ। ਇਸ ਮੌਕੇ ਉੱਚ ਅਧਿਕਾਰੀਆਂ ਨੂੰ ਮੁਹਤਬਰਾਂ ਵੱਲੋਂ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਗਿਆ। ਅਧਿਕਾਰੀਆਂ ਨੇ ਗੰਭੀਰਤਾ ਦੇ ਨਾਲ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਅਤੇ ਭਰੋਸਾ ਦਿੱਤਾ ਕਿ ਆਉਣ ਵਾਲੇ ਸਮੇਂ ਦੇ ਵਿੱਚ ਜਲਦ ਹੀ ਤੁਹਾਡੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ ਔਰ ਇਲਾਕਾ ਨਿਵਾਸੀਆਂ ਨੂੰ ਸਾਫ ਹਵਾ ਸਾਫ ਪਾਣੀ ਅਤੇ ਸੜਕ ਉੱਪਰ ਟਰੈਫਿਕ ਨੂੰ ਚੰਗੇ ਤਰੀਕੇ ਨਾਲ ਕੰਟਰੋਲ ਕੀਤਾ ਜਾਵੇਗਾ ।ਇਸ ਤੋਂ ਇਲਾਵਾ ਹੋਰ ਵੀ ਜੋ ਮੰਗਾਂ ਸਨ ਉਹਨਾਂ ਵੱਲ ਧਿਆਨ ਦਿੱਤਾ ਗਿਆ ।ਇਸ ਮੌਕੇ ਸ੍ਰੀ ਅਜੇ ਗਾਂਧੀ ਬਲਾਕ ਪ੍ਰਧਾਨ ਅਤੇ ਸਰਪੰਚ ਮਹਿਤਾ ਚੌਂਕ , ਪ੍ਰਗਟ ਸਿੰਘ ਬਲ ਸਰਪੰਚ ਬੁੱਟਰ, ਇੰਦਰਜੀਤ ਸਿੰਘ ਸਰਪੰਚ ਛੋਟੇ ਬੁਟਰ , ਬਲਵਿੰਦਰ ਸਿੰਘ ਸਰਪੰਚ ਰਜਦਾਨ ,ਹਰਿੰਦਰ ਸਿੰਘ ਸਰਪੰਚ ਪੱਲਾ ,ਰਣਜੀਤ ਸਿੰਘ ਸ਼ਾਹ ਸਾਬਕਾ ਸਰਪੰਚ ਧਰਦਿਓ , ਸੁਖਜਿੰਦਰ ਸਿੰਘ ਸੋਨੀ ਸਰਪੰਚ ਧਰਦਿਓ, ਰਕੇਸ਼ ਸਿੰਘ ਸਾਬਕਾ ਸਰਪੰਚ ਗਗੜਵਾਣਾ, ਸੁਖਦੇਵ ਸਿੰਘ ਪ੍ਰਧਾਨ ਆਰਤੀ ਐਸੋਸੀਏਸ਼ਨ ਮਹਿਤਾ ਚੌਂਕ , ਅਮਰਜੀਤ ਸਿੰਘ ਸੁਸਾਇਟੀ ਪ੍ਰਧਾਨ ਬਟਰ, ਸਰਪੰਚ ਮਨਦੀਪ ਤਰਦਿਓ ਅਤੇ ਸਰਪੰਚ ਗੁਰਪ੍ਰੀਤ ਸਿੰਘ ਗੱਗੜ ਭਾਣਾ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਪਰਮਜੀਤ ਸਿੰਘ ਸਰਨਾ ਨੇ ਕੀਤਾ ਦੁੱਖ ਸਾਂਝਾ



ਨਵੀਂ ਦਿੱਲੀ 30 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਸ. ਗੁਰਵਿੰਦਰ ਸਿੰਘ ਜੋ ਕਿ ਉਨ੍ਹਾਂ ਦੇ ਭਣੋਈਏ ਹਨ, ਦਾ ਬੀਤੇ ਰਾਤ ਇਕ ਸੜਕ ਹਾਦਸੇ ਵਿੱਚ ਵਿਛੋੜਾ ਅਸਹਿ ਹੈ । ਇਹ ਵਿਛੋੜਾ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ ।ਉਨ੍ਹਾਂ ਦਸਿਆ ਕਿ ਉਹ ਪੰਜਾਬ ਪੁਲਿਸ ਵਿੱਚ ਇਸ ਵੇਲੇ ਬਤੌਰ ਏ.ਐਸ.ਈ ਸੇਵਾਵਾਂ ਨਿਭਾ ਰਹੇ ਸਨ ਤੇ ਪੁਲਿਸ ਸੇਵਾ ਵਿੱਚ ਸਾਬਤ ਸੂਰਤ ਤੇ ਬਾਣੀ ਤੇ ਨਿਤਨੇਮੀ ਹੁੰਦਿਆਂ ਉਹਨਾਂ ਆਪਣੀਆਂ ਸੇਵਾਵਾਂ ਦਿੱਤੀਆਂ ਤੇ ਪਰਿਵਾਰ ਨੂੰ ਗੁਰਮਤਿ ਨਾਲ ਜੋੜੀ ਰੱਖਿਆ । ਉਹਨਾਂ ਦਾ ਇਸ ਤਰਾਂ ਅਚਨਚੇਤੀ ਅਕਾਲ ਚਲਾਣਾ ਪਰਿਵਾਰ ਲਈ ਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਲਈ ਵੀ ਅਸਿਹ ਹੈ । ਇਸਦੇ ਨਾਲ ਸਿੰਘ ਸਾਹਿਬ ਜਿਹੜੇ ਕਿ ਪੰਥਕ ਹਿੱਤਾਂ ਤੇ ਤਕੜੇ ਹੋ ਕੇ ਪਹਿਰਾ ਦੇ ਰਹੇ ਹਨ । ਉਹਨਾਂ ਦੀਆਂ ਪਰਿਵਾਰਕ ਜ਼ਿੰਮੇਵਾਰੀਆਂ ਵੀ ਵੱਧ ਗਈਆਂ ਹਨ । ਉਨ੍ਹਾਂ ਕਿਹਾ ਕਿ ਮੇਰੀ ਗੁਰੂ ਸਾਹਿਬ ਅੱਗੇ ਅਰਦਾਸ ਹੈ ਕਿ ਉਹ ਸ. ਗੁਰਵਿੰਦਰ ਸਿੰਘ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਤੇ ਪਰਿਵਾਰ ਅਤੇ ਸਮੁੱਚੇ ਸਨੇਹੀਆਂ ਨੂੰ ਇਸ ਔਖੀ ਘੜੀ ਭਾਣਾ ਮੰਨਣ ਦਾ ਬਲ ਬਖਸ਼ਣ ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਤੋਂ ਚਲਦੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਕਿਸਾਨ, ਪੰਜਾਬ ਅਤੇ ਸਿੱਖ ਵਿਰੋਧੀ : ਸ਼ਮਸ਼ੇਰ ਸਿੰਘ ਪੱਧਰੀ

### ਪੱਧਰੀ ਵੱਲੋਂ ਸਮੂਹ ਕਿਸਾਨ ਜਥੇਬੰਦੀਆਂ ਅਤੇ ਪੰਜਾਬ ਦੇ ਕਾਰੋਬਾਰੀਆਂ ਨੂੰ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਮੰਚ 'ਤੇ ਆਉਣ ਦਾ ਸੱਦਾ, ਲੈਂਡ ਪੂਲਿੰਗ ਪਾਲਿਸੀ ਦਾ ਸਖ਼ਤ ਵਿਰੋਧ



**ਅੰਮ੍ਰਿਤਸਰ, 30 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ( ਵਾਰਿਸ ਪੰਜਾਬ ਦੇ ) ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਲੈਂਡ ਪੂਲਿੰਗ ਪਾਲਿਸੀ ਦੇ ਤਿੱਖੇ ਵਿਰੋਧ ਵਿੱਚ ਇਕ ਪ੍ਰੈਸ ਨੋਟ ਜਾਰੀ ਕਰਦਿਆਂ ਦਿੱਲੀ ਤੋਂ ਚੱਲ ਰਹੀਆਂ ਰਾਜਨੀਤਿਕ ਪਾਰਟੀਆਂ ਭਾਜਪਾ, ਕਾਂਗਰਸ ਅਤੇ ਆਪ ਨੂੰ ਖੁੱਲ੍ਹਾ ਕਿਸਾਨ ਵਿਰੋਧੀ ਅਤੇ ਪੰਜਾਬ ਵਿਰੋਧੀ ਏਜੰਡੇ ਵਾਲੀਆਂ ਪਾਰਟੀਆਂ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਪਾਰਟੀਆਂ ਸਿਰਫ਼ ਚੋਣਾਂ ਵੇਲੇ ਪੰਜਾਬ ਅਤੇ ਪੰਜਾਬ ਦੇ ਲੋਕਾਂ ਨਾਲ ਇਸ਼ਿਤਹਾਰੀ ਹਮਦਰਦੀ ਜਤਾਉਂਦੀਆਂ ਹਨ, ਪਰ ਅਸਲ ਵਿੱਚ ਇਹਨਾਂ ਦੀਆਂ ਨੀਤੀਆਂ ਪੰਜਾਬ ਦੇ ਪਾਣੀ, ਖੇਤੀ, ਉਦਯੋਗ ਅਤੇ ਪੰਥਕ ਅਸਤਿੱਤਵ ਨੂੰ ਨਿਗਲਣ ਵਾਲੀਆਂ ਹਨ। ਭਾਈ ਪੱਧਰੀ ਨੇ ਪੰਜਾਬ ਸਰਕਾਰ ਵੱਲੋਂ ਤਾਜ਼ਾ ਤੌਰ 'ਤੇ ਲਾਗੂ ਕੀਤੀ ਗਈ ਲੈਂਡ ਪੂਲਿੰਗ ਪਾਲਸੀ ਨੂੰ "ਜਮੀਨ ਲੁੱਟ ਨੀਤੀ" ਦੱਸਦੇ ਹੋਏ ਕਿਹਾ ਕਿ ਇਹ ਪਾਲਸੀ ਕਿਸਾਨੀ ਨੂੰ ਖ਼ਤਮ ਕਰਨ ਵਾਲੀ ਅਤੇ ਪੰਜਾਬ ਵਿੱਚ ਕਿਸਾਨਾਂ ਨੂੰ ਆਪਣੀਂ ਹੀ ਧਰਤੀ ਤੋਂ ਬੇਦਖਲ ਕਰਨ ਦੀ ਯੋਜਨਾ ਹੈ। ਸਰਕਾਰ ਇਨ੍ਹਾਂ ਜਮੀਨਾਂ ਨੂੰ "ਵਿਕਾਸ" ਦੇ ਨਾਅਰੇ ਹੇਠ ਕਾਰਪੋਰੇਟ ਹੱਥਾਂ ਵਿੱਚ ਦੇਣ ਦੀ ਤਿਆਰੀ ਕਰ ਰਹੀ ਹੈ ਜਿਸਦਾ ਅਸੀਂ ਸਖ਼ਤ ਸ਼ਬਦਾਂ ਵਿੱਚ ਵਿਰੋਧ ਕਰਦੇ ਹਾਂ ।ਉਹਨਾਂ ਕੇਂਦਰ ਵਿੱਚ ਬੈਠੀ ਭਾਜਪਾ ਅਤੇ ਉਸਦੀਆਂ ਝੋਲੀਚੁੱਕ ਸਰਕਾਰਾਂ ਤੇ ਵਰਦਿਆਂ ਹੋਇਆਂ ਕਿ ਇਹਨਾਂ ਸਾਰਿਆਂ ਨੇ ਮਿਲਕੇ ਸਾਡੇ ਪੰਜਾਬ ਨੂੰ ਬਰਬਾਦ ਕਰਨ ਵਿੱਚ ਕੋਈ ਕਮੀਂ ਨਹੀਂ ਛੱਡੀ। ਭਾਈ ਪੱਧਰੀ ਨੇ ਇਹ ਵੀ ਕਿਹਾ ਕਿ ਪੰਜਾਬ ਵਿੱਚੋਂ ਲਗਾਤਾਰ ਹੋ ਰਿਹਾ ਪ੍ਰਵਾਸ ਤੇ ਆਵਾਸ, ਬੇਰੁਜਗਾਰੀ ਅਤੇ ਘੱਟ ਗਿਣਤੀ ਕੌਮਾਂ ਨਾਲ ਵਿਤਕਰੇਬਾਜ਼ੀ ਇਸੇ ਹੀ ਛਡਯੰਤਰ ਦਾ ਬਹੁਤ ਵੱਡਾ ਹਿੱਸਾ ਹੈ ਜਿਸਦੇ ਜਰੀਏ ਪੰਜਾਬ ਨੂੰ ਖ਼ਤਮ ਕੀਤਾ ਜਾ ਰਿਹਾ ਹੈ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਸ ਬਿਆਨ ਦੇ ਜਰੀਏ ਸਮੂਹ ਕਿਸਾਨ ਜਥੇਬੰਦੀਆਂ, ਛੋਟੇ ਵੱਡੇ ਉਦਯੋਗਪਤੀਆਂ, ਰੋਜ਼ਗਾਰ ਮੁਹੱਈਆ ਕਰਵਾ ਰਹੇ ਕਾਰੋਬਾਰੀਆਂ, ਅਤੇ ਖੇਤ ਮਜ਼ਦੂਰ ਵਰਗ ਨੂੰ ਅਪੀਲ ਕੀਤੀ ਕਿ ਉਹ ਇਹਨਾਂ ਸਾਰੀਆਂ ਪੰਜਾਬ ਅਤੇ ਪੰਥ ਵਿਰੋਧੀ ਪਾਰਟੀਆਂ ਦਾ ਸਮੇਂ ਨਾਲ ਖਹਿੜਾ ਛੱਡ ਕੇ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਦੇ ਪੰਜਾਬ ਤੇ ਪੰਥ ਪੱਖੀ ਮੋਰਚੇ ਨੂੰ ਆਪਣੀ ਹਿਮਾਇਤ ਦਿੰਦੇ ਹੋਏ ਇਕ ਮੰਚ ਤੇ ਆਉਣ ਤਾਂ ਹੀ ਪੰਜਾਬ ਤੇ ਪੰਜਾਬੀਆਂ ਦੀ ਭਲਾਈ ਹੋ ਸਕਦੀ ਹੈ। ਉਨ੍ਹਾਂ ਆਖਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਚੱਲ ਰਹੀ ਲਹਿਰ ਸਿਰਫ਼ ਧਾਰਮਿਕ ਜਾਂ ਰਾਜਨੀਤਿਕ ਨਹੀਂ, ਬਲਕਿ ਇੱਕ ਸਮਾਜਿਕ ਇਨਕਲਾਬ ਹੈ ਜੋ ਪੰਜਾਬ ਨੂੰ ਨਸ਼ਿਆਂ, ਕਰਜ਼ਿਆਂ ਅਤੇ ਜਮੀਨੀ ਲੁੱਟ ਤੋਂ ਬਚਾਉਣ ਲਈ ਤਿਆਰ ਹੋ ਰਹੀ ਹੈ ਅਤੇ ਜੇ ਅਸੀਂ ਅੱਜ ਵੀ ਚੁੱਪ ਰਹੇ, ਤਾਂ ਭਵਿੱਖ ਦੀ ਪੀੜ੍ਹੀ ਸਾਨੂੰ ਕਦੀ ਵੀ ਮਾਫ ਨਹੀਂ ਕਰੇਗੀ। ਇਹ ਲੜਾਈ ਕਿਸੇ ਇਕ ਪਾਰਟੀ ਦੀ ਨਹੀਂ, ਪੰਜਾਬ ਦੀ ਧਰਤੀ, ਪਾਣੀ, ਖੇਤੀ ਅਤੇ ਸਾਂਝੀ ਵਿਰਾਸਤ ਦੀ ਲੜਾਈ ਹੈ।"

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 350ਵਾਂ ਸ਼ਹੀਦੀ ਪੁਰਬ ਗੁਰਦੁਆਰਾ ਧਮਤਾਨ ਸਾਹਿਬ

# ਜੀਂਦ ਵਿਖੇ 30 ਨਵੰਬਰ ਨੂੰ ਮਨਾਇਆ ਜਾਵੇਗਾ







**ਜੀਂਦ, 30 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਲੈ ਕੇ ਗੁਰਦੁਆਰਾ ਧਮਤਾਨ ਸਾਹਿਬ, ਜੀਂਦ ਵਿਖੇ ਵਿਸ਼ੇਸ਼ ਸਮਾਗਮ ਕਰਵਾਏ ਜਾਣਗੇ।ਇਹ ਪਵਿੱਤਰ ਸ਼ਹੀਦੀ ਦਿਵਸ ਸ਼ਰਧਾ ਅਤੇ ਪਿਆਰ ਨਾਲ ਮਨਾਇਆ ਜਾਵੇਗਾ।

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਜੀ ਨੇ ਦੱਸਿਆ ਕਿ ਇਸ ਸ਼ਹੀਦੀ ਪੁਰਬ ਨੂੰ ਮਨਾਉਣ ਲਈ ਵੱਡਾ ਸਮਾਗਮ ਰੱਖਿਆ ਜਾ ਰਿਹਾ ਹੈ ਜਿਸ ਵਿੱਚ ਸੂਬੇ ਭਰ ਤੋਂ ਸੰਗਤਾਂ ਦੀ ਭਾਰੀ ਗਿਣਤੀ ਪਹੁੰਚਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਧਰਮ ਦੀ ਰਾਖੀ ਲਈ ਆਪਣੀ ਸ਼ਹੀਦੀ ਦੇ ਕੇ ਜੋ ਬੇਮਿਸਾਲ ਬਲਿਦਾਨ ਦਿੱਤਾ, ਉਹ ਸਦੀਵੀਂ ਯਾਦ ਰਹੇਗਾ।

ਸਮਾਗਮ ਦੌਰਾਨ ਕੀਰਤਨ ਦਰਬਾਰ, ਧਾਰਮਿਕ ਵਿਚਾਰ ਗੋਸ਼ਟੀਆਂ, ਲੰਗਰ ਸੇਵਾ ਅਤੇ ਇਤਿਹਾਸਕ ਪ੍ਰਦਰਸ਼ਨੀਆਂ ਦਾ ਵੀ ਆਯੋਜਨ ਕੀਤਾ ਜਾਵੇਗਾ। ਇਸ ਮੌਕੇ ਸ. ਹਰਜੀਤ ਸਿੰਘ ਜਰਨਲ ਸਕੱਤਰ, ਸ. ਬਲਦੇਵ ਸਿੰਘ ਖਾਲਸਾ, ਸ. ਬਲਵਿੰਦਰ ਸਿੰਘ ਕਾਂਗਥਲੀ ਸੰਯੁਕਤ ਸਕੱਤਰ, ਸ. ਕਰਨੈਲ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ,ਸ.ਮੋਹਨਜੀਤ ਸਿੰਘ ਮੈਂਬਰ,ਸ. ਬਲਵਿੰਦਰ ਸਿੰਘ ਖਾਲਸਾ ਮੈਂਬਰ, ਸ. ਗੁਰਮੇਲ ਸਿੰਘ ਮੈਂਬਰ,ਸ. ਮੇਜਰ ਸਿੰਘ ਮੈਂਬਰ,ਸ. ਕੁਲਦੀਪ ਸਿੰਘ ਫੱਗੂ ਮੈਂਬਰ, ਸ. ਕਾਕਾ ਸਿੰਘ ਮੈਂਬਰ, ਸ. ਬਿੰਦਰ ਸਿੰਘ ਮੈਂਬਰ, ਸ. ਅਮ੍ਰਿਤਪਾਲ ਸਿੰਘ ਮੈਂਬਰ ਸ. ਕੁਲਦੀਪ ਸਿੰਘ ਮੈਂਬਰ,ਸ. ਕਰਮਜੀਤ ਸਿੰਘ ਮੈਂਬਰ, ਬੀਬੀ ਅਮਨਪ੍ਰੀਤ ਕੌਰ ਮੈਂਬਰ,ਸਕੱਤਰ ਧਰਮ ਪ੍ਰਚਾਰ ਸ. ਰੁਪਿੰਦਰ ਸਿੰਘ, ਵਧੀਕ ਸਕੱਤਰ ਸ. ਸਤਪਾਲ ਸਿੰਘ, ਮੈਨੇਜਰ ਸ. ਪ੍ਰੀਤਮ ਸਿੰਘ, ਗਿਆਨੀ ਜੋਗਿੰਦਰ ਸਿੰਘ ਹੈਡ ਗ੍ਰੰਥੀ, ਸ. ਪ੍ਰੀਤਮ ਸਿੰਘ, ਗਿਆਨੀ ਚਰਨਜੀਤ ਸਿੰਘ ਕੱਥਾ ਵਾਚਕ ਹਾਜਰ ਸਨ। ਮੀਟਿੰਗ ਵਿੱਚ ਮੈਂਬਰ ਸਾਹਿਬਾਨਾ ਅਤੇ ਸਟਾਫ ਨੇ ਆਪਣੇ ਵਿਚਾਰ ਰੱਖੇ।

### ਰਾਜਸਥਾਨ ਸਰਕਾਰ ਦਾ ਇਤਿਹਾਸਕ ਫੈਸਲਾ: ਸਿੱਖ ਪੰਥ ਦੀ ਵੱਡੀ ਜਿੱਤ

# ਸਿੱਖ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਵਿੱਚ ਪੰਜ ਕਕਾਰਾਂ ਨਾਲ ਸ਼ਾਮਲ ਹੋਣ ਦੀ ਮਿਲੀ ਮਨਜ਼ੂਰੀ

**★ ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ ★**

ਰਾਜਸਥਾਨ ਸਰਕਾਰ ਨੇ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਸਨਮਾਨ ਦਿੰਦਿਆਂ ਇੱਕ ਅਹਿਮ ਅਤੇ ਇਤਿਹਾਸਕ ਫੈਸਲਾ ਲਿਆ ਹੈ। ਸਰਕਾਰ ਨੇ ਸਿੱਖ ਵਿਦਿਆਰਥੀਆਂ ਨੂੰ ਸਰਕਾਰੀ ਅਤੇ ਗੈਰ-ਸਰਕਾਰੀ ਪ੍ਰੀਖਿਆਵਾਂ ਵਿੱਚ ਪੰਜ ਕਕਾਰਾਂ—ਕੇਸ, ਕੰਘਾ, ਕੜਾ, ਕਿਰਪਾਨ ਅਤੇ ਕੱਛ—ਨਾਲ ਸ਼ਾਮਲ ਹੋਣ ਦੀ ਮਨਜ਼ੂਰੀ ਦੇ ਦਿੱਤੀ ਹੈ। ਇਸ ਫੈਸਲੇ ਨੇ ਸਿੱਖ ਕੌਮ ਦੇ ਮਾਣ-ਸਤਿਕਾਰ ਨੂੰ ਹੋਰ ਉੱਚਾ ਕੀਤਾ ਹੈ ਅਤੇ ਸਿੱਖ ਪਛਾਣ ਨੂੰ ਸੰਵਿਧਾਨਕ ਅਧਿਕਾਰਾਂ ਦੇ ਦਾਇਰੇ ਵਿੱਚ ਮੁੜ ਸਥਾਪਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਇਸ ਮਹੱਤਵਪੂਰਨ ਫੈਸਲੇ ਦੇ ਪਿੱਛੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਦੀਆਂ ਅਣਥੱਕ ਕੋਸ਼ਿਸ਼ਾਂ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੀ ਅਪੀਲ ਨੇ ਵੱਡਾ ਰੋਲ ਅਦਾ ਕੀਤਾ।



**ਘਟਨਾ ਦਾ ਪਿਛੋਕੜ: ਸਿੱਖ ਵਿਦਿਆਰਥਣ ਨਾਲ ਵਿਤਕਰਾ**

ਇਹ ਸਾਰਾ ਮਸਲਾ ਉਸ ਸਮੇਂ ਸਾਹਮਣੇ ਆਇਆ ਜਦੋਂ ਜੈਪੁਰ ਦੀ ਪੂਰਨੀਮਾ ਯੂਨੀਵਰਸਿਟੀ ਵਿੱਚ ਇੱਕ ਅੰਮ੍ਰਿਤਧਾਰੀ ਸਿੱਖ ਵਿਦਿਆਰਥਣ, ਗੁਰਪ੍ਰੀਤ ਕੌਰ, ਨੂੰ ਰਾਜਸਥਾਨ ਹਾਈ ਕੋਰਟ (ਜੋਧਪੁਰ) ਦੀ ਸਿਵਲ ਜੱਜ ਭਰਤੀ ਪ੍ਰੀਖਿਆ ਵਿੱਚ ਕਿਰਪਾਨ ਅਤੇ ਕੜਾ ਪਹਿਨਣ ਕਾਰਨ ਰੋਕ ਦਿੱਤਾ ਗਿਆ। ਇਹ ਘਟਨਾ ਸਿੱਖ ਭਾਈਚਾਰੇ ਲਈ ਇੱਕ ਵੱਡਾ ਝਟਕਾ ਸੀ, ਕਿਉਂਕਿ ਸਿੱਖਾਂ ਦੇ ਪੰਜ ਕਕਾਰ ਉਨ੍ਹਾਂ ਦੇ ਧਾਰਮਿਕ ਅਕੀਦੇ ਅਤੇ ਪਛਾਣ ਦਾ ਅਟੁੱਟ ਹਿੱਸਾ ਹਨ। ਗੁਰਪ੍ਰੀਤ ਕੌਰ ਨੂੰ ਪ੍ਰੀਖਿਆ ਵਿੱਚ ਸ਼ਾਮਲ ਹੋਣ ਤੋਂ ਵਾਂਝੇ ਰੱਖਣ ਦੀ ਘਟਨਾ ਨੇ ਸਿੱਖ ਸੰਗਤ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਸੀ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਸ਼੍ਰੋਮਣੀ ਅਕਾਲੀ ਦਲ ਅਤੇ ਹੋਰ ਸਿੱਖ ਜਥੇਬੰਦੀਆਂ ਨੇ ਇਸ ਵਿਤਕਰੇ ਦੀ ਸਖ਼ਤ ਨਿਖੇਧੀ ਕੀਤੀ ਸੀ। ਇਸ ਤੋਂ ਪਹਿਲਾਂ ਵੀ, 2024 ਵਿੱਚ ਸਮਾਨ ਮੁੱਦੇ ਸਾਹਮਣੇ ਆਏ ਸਨ, ਜਦੋਂ ਅੰਮ੍ਰਿਤਧਾਰੀ ਸਿੱਖ ਔਰਤਾਂ, ਅਰਮਨਜੋਤ ਕੌਰ ਅਤੇ ਲਖਵਿੰਦਰ ਕੌਰ, ਨੂੰ ਰਾਜਸਥਾਨ ਜੁਡੀਸ਼ੀਅਲ ਸੇਵਾਵਾਂ ਦੀ ਪ੍ਰੀਖਿਆ ਵਿੱਚ ਕਿਰਪਾਨ ਪਹਿਨਣ ਕਾਰਨ ਰੋਕਿਆ ਗਿਆ ਸੀ। ਇਨ੍ਹਾਂ ਘਟਨਾਵਾਂ ਨੇ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਗੰਭੀਰ ਠੇਸ ਪਹੁੰਚਾਈ ਅਤੇ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਦਾ ਮੁੱਦਾ ਉਠਾਇਆ ਸੀ।

ਹਾਲਾਂਕਿ ਕਿਰਪਾਨ, ਜੋ ਸਿੱਖਾਂ ਦੀ ਸੁਰੱਖਿਆ ਅਤੇ ਨਿਆਂ ਦਾ ਪ੍ਰਤੀਕ ਹੈ, ਨੂੰ ਭਾਰਤੀ ਸੰਵਿਧਾਨ ਦੀ ਧਾਰਾ 25 ਅਧੀਨ ਪਹਿਨਣ ਦਾ ਪੂਰਾ ਅਧਿਕਾਰ ਪ੍ਰਦਾਨ ਕੀਤਾ ਗਿਆ ਹੈ।ਇਸ ਦੇ ਬਾਵਜੂਦ, ਸਿੱਖ ਵਿਦਿਆਰਥੀਆਂ ਨੂੰ ਵਾਰ-ਵਾਰ ਪ੍ਰੀਖਿਆ ਕੇਂਦਰਾਂ ਵਿੱਚ ਕਿਰਪਾਨ ਅਤੇ ਕੜੇ ਵਰਗੇ ਕਕਾਰਾਂ ਕਾਰਨ ਰੋਕਿਆ ਜਾਣਾ ਸਿੱਖ ਭਾਈਚਾਰੇ ਲਈ ਅਪਮਾਨਜਨਕ ਸੀ। ਇਹ ਮੁੱਦਾ ਸਿਰਫ਼ ਧਾਰਮਿਕ ਅਧਿਕਾਰਾਂ ਦਾ ਹੀ ਨਹੀਂ, ਸਗੋਂ ਸਮਾਜਿਕ ਨਿਆਂ ਅਤੇ ਸੰਵਿਧਾਨਕ ਸੁਰੱਖਿਆ ਦਾ ਵੀ ਸਵਾਲ ਸੀ।

**ਇਕਬਾਲ ਸਿੰਘ ਲਾਲਪੁਰਾ ਦੀ ਅਹਿਮ ਭੂਮਿਕਾ**



ਇਸ ਮੁੱਦੇ ਨੂੰ ਹੱਲ ਕਰਨ ਵਿੱਚ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਦੀ ਭੂਮਿਕਾ ਸਭ ਤੋਂ ਅਹਿਮ ਰਹੀ। ਸ. ਲਾਲਪੁਰਾ ਨੇ ਸਿੱਖ ਵਿਦਿਆਰਥੀਆਂ ਦੇ ਹੱਕਾਂ ਦੀ ਰਾਖੀ ਲਈ ਸਰਕਾਰ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਕੇਂਦਰ ਸਰਕਾਰ ਦੀਆਂ ਗਾਈਡਲਾਈਨਜ਼ ਦੇ ਅਧਾਰ 'ਤੇ ਰਾਜਸਥਾਨ ਸਰਕਾਰ ਨੂੰ ਇਹ ਨੋਟੀਫਿਕੇਸ਼ਨ ਜਾਰੀ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੀਆਂ ਕੋਸ਼ਿਸ਼ਾਂ ਨੇ ਪਹਿਲਾਂ ਜੇਈਈ ਪ੍ਰੀਖਿਆਵਾਂ ਵਿੱਚ ਸਿੱਖ ਵਿਦਿਆਰਥੀਆਂ ਨੂੰ ਕਕਾਰਾਂ ਨਾਲ ਸ਼ਾਮਲ ਹੋਣ ਦੀ ਮਨਜ਼ੂਰੀ ਦਿਵਾਈ ਸੀ, ਅਤੇ ਹੁਣ ਇਸ ਨੂੰ ਰਾਜਸਥਾਨ ਦੀਆਂ ਸਾਰੀਆਂ ਪ੍ਰੀਖਿਆਵਾਂ 'ਤੇ ਲਾਗੂ ਕਰਵਾਇਆ ਗਿਆ ਸੀ।

ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ. ਲਾਲਪੁਰਾ ਨੂੰ ਇਸ ਮਸਲੇ ਵਿੱਚ ਦਖ਼ਲਅੰਦਾਜ਼ੀ ਕਰਨ ਦੀ ਅਪੀਲ ਕੀਤੀ ਸੀ।ਜਥੇਦਾਰ ਨੇ ਇਸ ਘਟਨਾ ਨੂੰ ਸੰਵਿਧਾਨ ਦੀ ਧਾਰਾ 25 ਦੀ ਉਲੰਘਣਾ ਅਤੇ ਸਿੱਖਾਂ ਵਿਰੁੱਧ ਧਾਰਮਿਕ ਵਿਤਕਰਾ ਕਰਾਰ ਦਿੱਤਾ ਸੀ। ਉਨ੍ਹਾਂ ਦੀ ਅਪੀਲ ਅਤੇ ਸ. ਲਾਲਪੁਰਾ ਦੀਆਂ ਕੋਸ਼ਿਸ਼ਾਂ ਨੇ ਮਿਲ ਕੇ ਸਰਕਾਰ 'ਤੇ ਦਬਾਅ ਪਾਇਆ ਸੀ, ਜਿਸ ਦੇ ਨਤੀਜੇ ਵਜੋਂ ਇਹ ਫੈਸਲਾ ਸੰਭਵ ਹੋਇਆ।

**ਫੈਸਲੇ ਦੇ ਪਿੱਛੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਲਾਲਪੁਰਾ ਤੇ ਜਥੇਦਾਰ ਦੀਆਂ ਕੋਸ਼ਿਸ਼ਾਂ ਸ਼ਾਮਲ**

**ਸਿੱਖ ਜਥੇਬੰਦੀਆਂ ਦਾ ਸੰਘਰਸ਼**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ਮੁੱਦੇ ਨੂੰ ਬੜੀ ਗੰਭੀਰਤਾ ਨਾਲ ਲਿਆ। ਸ਼੍ਰੋਮਣੀ ਕਮੇਟੂ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਵਿਤਕਰੇ ਨੂੰ ਸੰਵਿਧਾਨ ਦੀ ਉਲੰਘਣਾ ਦੱਸਦਿਆਂ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਸਿੱਖ ਵਿਦਿਆਰਥੀਆਂ ਦੇ ਹੱਕਾਂ ਦੀ ਸੁਰੱਖਿਆ ਲਈ ਦਖ਼ਲ ਦੇਣ ਦੀ ਅਪੀਲ ਕੀਤੀ। ਸ਼੍ਰੋਮਣੀ ਕਮੇਟੀ ਨੇ ਰਾਜਸਥਾਨ ਦੇ ਸਿੱਖ ਆਗੂਆਂ ਨੂੰ ਵੀ ਸਰਗਰਮ ਕੀਤਾ, ਜਿਨ੍ਹਾਂ ਨੇ ਸਥਾਨਕ ਪ੍ਰਸ਼ਾਸਨ ਨਾਲ ਮੁਲਾਕਾਤਾਂ ਕਰਕੇ ਰੋਸ ਪ੍ਰਗਟ ਕੀਤਾ।

**ਰਾਜਸਥਾਨ ਸਰਕਾਰ ਦਾ ਨੋਟੀਫਿਕੇਸ਼ਨ**

ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਅਗਵਾਈ ਵਾਲੀ ਰਾਜਸਥਾਨ ਸਰਕਾਰ ਨੇ ਸਿੱਖ ਭਾਈਚਾਰੇ ਦੀਆਂ ਮੰਗਾਂ ਨੂੰ ਸਵੀਕਾਰ ਕਰਦਿਆਂ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ, ਜਿਸ ਵਿੱਚ ਸਿੱਖ ਵਿਦਿਆਰਥੀਆਂ ਨੂੰ ਪੰਜ ਕਕਾਰਾਂ ਨਾਲ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਦੀ ਮਨਜ਼ੂਰੀ ਦਿੱਤੀ ਗਈ। ਇਹ ਨੋਟੀਫਿਕੇਸ਼ਨ ਕੇਂਦਰ ਸਰਕਾਰ ਦੀਆਂ ਗਾਈਡਲਾਈਨਜ਼ ਦੇ ਅਧਾਰ 'ਤੇ ਜਾਰੀ ਕੀਤਾ ਗਿਆ, ਜੋ ਪਹਿਲਾਂ ਜੇਈਈ ਅਤੇ ਹੋਰ ਰਾਸ਼ਟਰੀ ਪੱਧਰ ਦੀਆਂ ਪ੍ਰੀਖਿਆਵਾਂ ਲਈ ਲਾਗੂ ਕੀਤੀਆਂ ਗਈਆਂ ਸਨ। ਇਸ ਫੈਸਲੇ ਨੇ ਸਿੱਖ ਵਿਦਿਆਰਥੀਆਂ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਅਤੇ ਉਨ੍ਹਾਂ ਦੇ ਧਾਰਮਿਕ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਵਿੱਚ ਮਦਦ ਕੀਤੀ।

# ਗੁਰਸਿੱਖ ਬੱਚੀ ਨੂੰ ਸਿਵਲ ਜੱਜ ਦੀ ਪ੍ਰੀਖਿਆ ਦੇਣ ਤੋਂ ਰੋਕਣਾ ਸਿੱਖ ਭਾਵਨਾਵਾਂ ਨਾਲ ਖਿਲਵਾੜ : ਸਿੰਘ ਸਾਹਿਬ

**☛ ਕਿਹਾ, ਸਮੂਹ ਪੰਥਕ ਜਥੇਬੰਦੀਆਂ ਇਸ ਸਬੰਧੀ ਠੋਸ ਫੈਸਲਾ ਲੈਣ**



**ਜਲੰਧਰ • ਆਵਾਜ਼ਿ ਕੌਮ ਬਿਊਰੋ**

ਰਾਜਸਥਾਨ ਵਿੱਚ ਸਿਵਲ ਜੱਜ ਦੀ ਪ੍ਰੀਖਿਆ ਸਮੇਂ ਗੁਰਸਿੱਖ ਬੱਚੀ ਗੁਰਪ੍ਰੀਤ ਕੌਰ ਨੂੰ ਸਿੱਖੀ ਕਕਾਰ ਪਹਿਨੇ ਹੋਣ ਕਾਰਨ ਪੇਪਰ ਦੇਣ ਤੋਂ ਰੋਕੇ ਜਾਣ 'ਤੇ ਸਖਤ ਇਤਰਾਜ ਪ੍ਰਗਟਾਉਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਜੀ ਨੇ ਇਸ ਨੂੰ ਸਿੱਖੀ ਭਾਵਨਾਵਾਂ ਨਾਲ ਖਿਲਵਾੜ ਅਤੇ ਸੰਵਿਧਾਨ ਦੀ ਉਲੰਘਣਾ ਕਰਾਰ ਦਿਤਾ, ਉਨ੍ਹਾਂ ਕਿਹਾ ਕਿ ਸਮੂਹ ਪੰਥਕ ਜਥੇਬੰਦੀਆਂ ਨੂੰ ਇਸ ਤਰ੍ਹਾਂ ਦੇ ਵਰਤਾਰੇ ਦਾ ਸਖਤ ਨੋਟਿਸ ਲੈ ਕੇ ਠੋਸ ਫੈਸਲਾ ਲੈਣਾ ਚਾਹੀਦਾ ਹੈ, ਤਾਂ ਜੋ ਭਵਿੱਖ ਵਿੱਚ ਕੋਈ ਇਸ ਤਰ੍ਹਾਂ ਦੀ ਘਟਨਾ ਨਾ ਵਾਪਰੇ। ਸਿੰਘ ਸਾਹਿਬ ਨੇ ਕਿਹਾ ਕਿ ਕੇਂਦਰ ਸਰਕਾਰ ਤੇ ਰਾਜਸਥਾਨ ਸਰਕਾਰ ਨੂੰ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਇਸ ਤਰ੍ਹਾਂ ਦੇ ਵਿਤਕਰੇ ਨਾਲ ਸਿੱਖਾਂ ਅੰਦਰ ਰੋਸ ਦੀਆਂ ਭਾਵਨਾਵਾਂ ਵੱਧਦੀਆਂ ਹਨ। ਅੰਮ੍ਰਿਤਧਾਰੀ ਗੁਰਸਿੱਖ ਆਪਣੇ ਸਰੀਰ ਨਾਲੋਂ ਕਰਾਰਾਂ ਨੂੰ ਵੱਖ ਨਹੀਂ ਕਰ ਸਕਦਾ। ਅਖੀਰ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਜੀ ਨੇ ਕਿਹਾ ਕਿ ਬੱਚੀ ਗੁਰਪ੍ਰੀਤ ਕੌਰ ਦੀ ਦੁਬਾਰਾ ਪ੍ਰੀਖਿਆ ਜਰੂਰ ਲਈ ਜਾਵੇ।

# ਸਿੱਖ ਸ਼ਹੀਦੀ ਵਿਸ਼ੇ 'ਤੇ ਮਹਾਰਾਸ਼ਟਰ ਚੋਣਵੇ ਕੋਰਸਾਂ ਨੂੰ ਸਿੱਖਿਅਕ ਸਲੇਬਸ ਵਿੱਚ ਸ਼ਾਮਲ ਕਰੇਗਾ: ਬਲ ਮਲਕੀਤ ਸਿੰਘ



**ਨਵੀਂ ਦਿੱਲੀ, 30 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਇਤਿਹਾਸ ਅਤੇ ਸਿਧਾਤਾਂ ਦੀ ਵਿਰਾਸਤ ਨੂੰ ਮੁੱਖ ਧਾਰਾ ਸਿੱਖਿਆ ਵਿੱਚ ਉਭਾਰਣ ਵੱਲ ਇੱਕ ਇਤਿਹਾਸਕ ਕਦਮ ਦੇ ਤੌਰ 'ਤੇ, ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕੈਡਮੀ, ਮਹਾਰਾਸ਼ਟਰ ਸਰਕਾਰ ਅਤੇ 11 ਮੈਂਬਰੀ ਸਿੱਖ ਕੋਆਰਡੀਨੇਸ਼ਨ ਕਮੇਟੀ ਵੱਲੋਂ ਸਿੱਖ ਸ਼ਹੀਦੀ (1500-1765) ਵਿਸ਼ੇ 'ਤੇ ਇੱਕ ਚੋਣਵਾਂ ਕੋਰਸ ਨੂੰ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਲਾਗੂ ਕਰਨ ਦੀ ਪ੍ਰਸਤਾਵਨਾ ਦਿੱਤੀ ਗਈ ਹੈ। ਜਿਕਰਯੋਗ ਹੈ ਕਿ ਇਸ ਸੰਬੰਧ ਵਿੱਚ ਮਹਾਰਾਸ਼ਟਰ ਦੇ ਮਾਣਯੋਗ ਮੁੱਖ ਮੰਤਰੀ ਸ੍ਰੀ ਦੇਵਿੰਦਰ ਫਡਣਵੀਸ ਨੂੰ ਬਲ ਮਲਕੀਤ ਸਿੰਘ, ਚੇਅਰਮੈਨ, ਅਕੈਡਮੀ ਵੱਲੋਂ ਇੱਕ ਆਧਿਕਾਰਿਕ ਪੱਤਰ ਭੇਜਿਆ ਗਿਆ ਸੀ। ਉਨ੍ਹਾਂ ਕੋਲ ਅਪੀਲ ਕੀਤੀ ਗਈ ਕਿ ਇਹ ਕੋਰਸ ਨੈਸ਼ਨਲ ਐਜੂਕੇਸ਼ਨ ਪਾਲਸੀ 2020 ਦੇ ਅਨੁਕੂਲ ਰੂਪ ਵਿੱਚ ਰਾਜ ਦੇ ਸਿੱਖਿਆਕ ਸੰਸਥਾਨਾਂ ਵਿੱਚ ਲਾਗੂ ਕੀਤਾ ਜਾਵੇ। ਇਹ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਦੇ ਸੰਦਰਭ ਵਿੱਚ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਸਨਮਾਨਿਤ ਕਰੇਗਾ ਅਤੇ ਨੌਜਵਾਨ ਪੀੜ੍ਹੀ ਨੂੰ ਬਲਿਦਾਨ, ਧੀਰਜ, ਧਾਰਮਿਕ ਅਡੋਲਤਾ ਅਤੇ ਰਾਸ਼ਟਰਕ ਤਤਵਾਂ ਬਾਰੇ ਸਿੱਖਣ ਦਾ ਮੌਕਾ ਦੇਵੇਗਾ। ਪੱਤਰ ਦੇ ਜਵਾਬ ਵਿੱਚ ਮੁੰਬਈ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰਵਿੰਦਰ ਡੀ. ਕੁਲਕਰਨੀ ਵੱਲੋਂ ਤੁਰੰਤ ਅਤੇ ਹੌਸਲਾ ਅਫਜ਼ਾਈ ਕਰਨ ਵਾਲਾ ਉੱਤਰ ਮਿਲਿਆ । ਯੂਨੀਵਰਸਿਟੀ ਨੇ ਕੋਰਸ ਦੀ ਸੰਕਲਪਨਾ ਲਈ ਪੂਰਾ ਸਮਰਥਨ ਦਿੱਤਾ ਹੈ ਅਤੇ ਦੱਸਿਆ ਕਿ ਇਸ ਦਾ ਸਿਲੇਬਸ ਉਨ੍ਹਾਂ ਦੇ ਅਕੈਡਮਿਕ ਟੀਮਾਂ ਵੱਲੋਂ ਸੁਚੱਜੇ ਢੰਗ ਨਾਲ ਤਿਆਰ ਕੀਤਾ ਜਾ ਰਿਹਾ ਹੈ, ਜੋ ਕਿ ਸਿੱਖ ਸ਼ਹੀਦਾਂ ਦੀ ਸ਼ਿਖਿਆ, ਇਤਿਹਾਸ ਅਤੇ ਰਾਸ਼ਟਰੀ ਯਤਨਾਂ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਉਜਾਗਰ ਕਰੇਗਾ। ਬਲ ਮਲਕੀਤ ਸਿੰਘ ਨੇ ਦਸਿਆ ਕਿ ਇਹ ਯਤਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਅਗਵਾਈ ਅਤੇ ਅਸੀਸ ਹੇਠ ਜਾਰੀ ਹੈ। ਉਨ੍ਹਾਂ ਦੀ ਆਤਮਕ ਪ੍ਰੇਰਣਾ ਸਾਡੀਆਂ ਸਿੱਖਿਆਕ, ਸੱਭਿਆਚਾਰਕ ਅਤੇ ਨੌਜਵਾਨੀ ਪ੍ਰੋਜੈਕਟਾਂ ਲਈ ਮੂਲ ਚੇਤਨਾ ਬਣੀ ਹੋਈ ਹੈ। ਬਲ ਮਲਕੀਤ ਸਿੰਘ, ਚੇਅਰਮੈਨ, ਮਹਾਰਾਸ਼ਟਰ ਸਟੇਟ ਪੰਜਾਬੀ ਸਾਹਿਤ ਅਕੈਡਮੀ ਨੇ ਕਿਹਾ ਕਿ ਇਹ ਸਿਰਫ਼ ਇੱਕ ਵਿਸ਼ਾ ਸ਼ੁਰੂ ਕਰਨ ਦੀ ਗੱਲ ਨਹੀਂ ਹੈ, ਇਹ ਨੌਜਵਾਨ ਪੀੜ੍ਹੀ ਨੂੰ ਬਲਿਦਾਨ, ਨੈਤਿਕ ਤਾਕਤ ਅਤੇ ਧਰਮ ਪਥ 'ਤੇ ਕਾਇਮ ਰਹਿਣ ਦੀ ਪ੍ਰੇਰਣਾ ਦੇਣ ਦੀ ਕੋਸ਼ਿਸ਼ ਹੈ। ਮਹਾਰਾਸ਼ਟਰ ਹਮੇਸ਼ਾ ਸਮਾਵੇਸ਼ੀ ਸਿਧਾਤਾਂ ਲਈ ਜਾਣਿਆ ਜਾਂਦਾ ਹੈ ਅਤੇ ਇਹ ਕੋਰਸ ਉਨ੍ਹਾਂ ਸਿਧਾਤਾਂ ਨੂੰ ਹੋਰ ਮਜ਼ਬੂਤ ਕਰੇਗਾ। ਮੈਂ ਦਿਲੋਂ ਧੰਨਵਾਦ ਕਰਦਾ ਹਾਂ ਮਾਣਯੋਗ ਮੁੱਖ ਮੰਤਰੀ ਸ੍ਰੀ ਦੇਵਿੰਦਰ ਫਡਣਵੀਸ ਦਾ, ਜਿਨ੍ਹਾਂ ਦੀ ਦੂਰਦਰਸ਼ਤਾ ਅਤੇ ਪ੍ਰੋਤਸਾਹਨ ਨਾਲ ਇਹ ਯਤਨ ਅੱਗੇ ਵਧ ਰਿਹਾ ਹੈ।

## ਰਾਜਸਥਾਨ ਵਿਚ ਅੰਮ੍ਰਿਤਧਾਰੀ ਸਿੱਖ ਲੜਕੀ ਨੂੰ ਪੇਪਰ ਦੇਣ ਤੋਂ ਰੋਕਣਾ ਸਮੂਹ ਸਿੱਖਾਂ ਅਤੇ ਸਮੂਹ ਸਿੱਖਾਂ ਤੇ ਸਮੂਹ ਸਿੱਖ ਜਥੇਬੰਦੀਆਂ ਵਿਚ ਭਾਰੀ ਰੋਸ—ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ



**ਫ਼ਿਰੋਜ਼ਪੁਰ, 30 ਜੁਲਾਈ (ਮਨੋਹਰ ਲਾਲ)** :— ਰਾਜਸਥਾਨ ਵਿਚ ਅੰਮ੍ਰਿਤਧਾਰੀ ਸਿੱਖ ਲੜਕੀ ਨੂੰ ਪੇਪਰ ਦੇਣ ਤੋਂ ਰੋਕਣਾ ਸਮੂਹ ਸਿੱਖਾਂ ਅਤੇ ਸਮੂਹ ਸਿੱਖ ਜਥੇਬੰਦੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਕਰਦਿਆਂ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਦੱਸਿਆ ਕਿ ਜੈਪੂਰ ਵਿਚ ਰਾਜਸਥਾਨ ਹਾਈਕੋਰਟ ਜ਼ੋਧਪੁਰ ਦੀ ਸਿਵਲ ਜੱਜ ਦੀ ਭਰਤੀ ਦਾ ਇਮਤਿਹਾਨ ਦੇਣ ਗਈ ਅੰਮ੍ਰਿਤਧਾਰੀ ਉਮੀਦਵਾਰ ਗੁਰਪ੍ਰੀਤ ਕੌਰ ਨੂੰ ਕਿਰਪਾਨ ਪਾਉਣ ਕਰਕੇ ਪੇਪਰ ਸੈਂਟਰ ਵਿਚ ਦਾਖਲ ਨਾ ਹੋਣ ਦੇਣ ਦਾ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਇਹ ਭਾਰਤੀ ਸੰਵਿਧਾਨ ਦੀ ਵੱਡੀ ਉਲਘਣਾ ਹੈ ਅਤੇ ਸਿੱਖਾਂ ਵਿਰੁੱਧ ਨਫਰਤੀ ਵਿਤਰਾ ਹੈ। ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਨੇ ਅੱਗੇ ਦੱਸਿਆ ਕਿ ਰਾਜਸਥਾਨ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹੈ, ਜਦੋਂ ਕਿ ਉਹ ਸਿੱਖ ਹਿਤੈਸ਼ੀ ਦਸਦੇ ਹਨ ਅਤੇ ਉਹ ਕਿਵੇਂ ਸਿੱਖਾਂ ਦੇ ਹਿੱਤਾਂ ਦੀ ਰਾਖੀ ਕਰ ਰਹੀ ਹੈ, ਜਦ ਕਿ ਸਾਰੀ ਦੁਨੀਆਂ ਨੂੰ ਪਤਾ ਹੈ ਕਿ ਅੰਮ੍ਰਿਤਧਾਰੀ ਸਿੱਖ ਕਕਾਰ ਵਜੋਂ ਕਿਰਪਾਨ ਪਾਉਂਦੇ ਹਨ, ਪਰ ਦੇਸ਼ ਅੰਦਰ ਵਾਰ—ਵਾਰ ਸਿੱਖਾਂ ਨੂੰ ਉਨ੍ਹਾਂ ਦੀ ਵੱਖਰੀ ਪਹਿਚਾਣ ਹੈ, ਪਰ ਫਿਰ ਵੀ ਉਨ੍ਹਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਦ ਕਿ ਭਾਰਤੀ ਸੰਵਿਧਾਨ ਦੀ ਧਾਰਾ 25 ਦੀ ਵਿਆਖਿਆ ਵਿਚ ਸਪੱਸ਼ਟ ਦਰਜ ਹੈ ਕਿ ਸਿੱਖ ਧਰਮ ਵਿਚ ਕਿਰਪਾਨ ਧਾਰਨ ਕਰ ਸਕਦੇ ਹਨ। ਇਸ ਦੇ ਬਾਵਜੂਦ ਸੰਵਿਧਾਨ ਦੀ ਰਾਖੀ ਕਰਨ ਵਾਲੀ ਅਦਾਲਤ ਦੀ ਪ੍ਰੀਖਿਆ ਵਿਚ ਹੀ ਸਿੱਖਾਂ ਨਾਲ ਵਿਤਕਰਾ ਕੀਤਾ ਹੈ, ਜਿਸ ਦੀ ਅਸੀਂ ਪੁਰਜ਼ੋਰ ਸ਼ਬਦਾਂ ਵਿਚ ਨਿਖੇਧੀ ਕਰਦੇ ਹਾਂ।

# ਸੰਨ 2014 ਤੋਂ ਲੈ ਕੇ ਅੱਜ ਤੱਕ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ ਸਹਾਇਤਾ ਰਾਸ਼ੀ ਬਾਰੇ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ ਵੱਲੋਂ

# ★ ਸੰਗਤਾਂ ਦੇ ਨਾਂ ਖੁੱਲ੍ਹਾ ਪੱਤਰ ★

ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਰੂਕਸ਼ੇਤਰ (ਹਰਿਆਣਾ)
Jathedar Baljit Singh Daduwal
Chairman Dharam Parchar
Haryana Sikh Gurudwara management Committee
M.: 98140 15740

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕਿ ਫਤਿਹ॥

**ਵਿਸ਼ਾ– ਸੰਨ 2014 ਤੋਂ ਲੈ ਕੇ ਅੱਜ ਤੱਕ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ ਸਹਾਇਤਾ ਰਾਸ਼ੀ ਬਾਰੇ**

ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂੰਹ ਸੰਗਤਾਂ ਨੂੰ ਸਨਿਮਰ ਬੇਨਤੀ ਕੀਤੀ ਜਾਂਦੀ ਹੈ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਿਸੇ ਵੀ ਗੁਰੂਘਰ,ਸਕੂਲ,ਕਾਲਜ,ਵਿਅਕਤੀਗਤ ਲੋੜਵੰਦ ਨੂੰ ਕਿਸੇ ਵੀ ਮੈਂਬਰ ਸਾਹਿਬਾਨ ਦੀ ਸਿਫਾਰਸ਼ ਤੇ ਜਾਰੀ ਹੋਏ ਸਹਾਇਤਾ ਫੰਡ ਨੂੰ ਕਿਸੇ ਮੈਂਬਰ ਸਾਹਿਬਾਨ ਜਾਂ ਮੁਲਾਜ਼ਮ ਨੇ ਸਬੰਧਤ ਤੋਂ ਵਾਪਸ ਲੈ ਕੇ ਨਿੱਜੀ ਵਰਤਿਆ ਹੋਵੇ ਉਸ ਦੀ ਜਾਣਕਾਰੀ ਸਬੂਤਾਂ ਸਮੇਤ ਸਾਡੇ ਧਰਮ ਪ੍ਰਚਾਰ ਦੇ ਮੁੱਖ ਦਫ਼ਤਰ ਅਤੇ 3 ਸਬ ਦਫ਼ਤਰ ਇੰਚਾਰਜਾਂ ਨੂੰ

1. ਭਾਈ ਸਿਕੰਦਰ ਸਿੰਘ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਪੰਚਕੂਲਾ 9808400005
2. ਭਾਈ ਗੁਰਭੇਜ ਸਿੰਘ ਇੰਚਾਰਜ ਧਰਮ ਪ੍ਰਚਾਰ ਮੁੱਖ ਦਫ਼ਤਰ ਕੁਰੂਕਸ਼ੇਤਰ 8168374609
3. ਗਿ.ਸੂਬਾ ਸਿੰਘ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਜੀਂਦ 9896857513
4. ਭਾਈ ਬਲਵੰਤ ਸਿੰਘ ਗੋਪਾਲਾ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਸਿਰਸਾ 8427499166

ਨੰਬਰਾਂ ਤੇ ਜਾਂ ਦਫ਼ਤਰ ਵਿੱਚ ਮਿਲ ਕੇ 31 ਅਗਸਤ 2025 ਤੱਕ ਸ਼ਿਕਾਇਤ ਦਰਜ਼ ਕਰਵਾਈ ਜਾਵੇ ਦੋਸ਼ੀ ਪਾਏ ਗਏ ਵਿਅਕਤੀ ਖਿਲਾਫ਼ ਸਖ਼ਤ ਐਕਸ਼ਨ ਲਿਆ ਜਾਵੇਗਾ ਇੰਚਾਰਜ ਸਹਿਬਾਨਾਂ ਨੂੰ ਵੀ ਅਦੇਸ਼ ਜਾਰੀ ਕੀਤਾ ਜਾਂਦਾ ਹੈ ਕੇ ਸਬੰਧਤ ਵਿਸ਼ੇ ਸਬੰਧੀ ਸੰਗਤ ਵੱਲੋਂ ਕੀਤੀ ਗਈ ਸ਼ਿਕਾਇਤ ਨੂੰ ਤੁਰੰਤ ਨੋਟ ਕੀਤਾ ਜਾਵੇ ।

ਗੁਰੂ ਪੰਥ ਦਾ ਦਾਸ

ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਆਵਾਜ਼ਿ ਕੌਮ AWAZE QAUM
International Newspaper & WEB TV

H.O.: Guru Ramdas Niwas, Chhevin Patshahi, Kurukshetra, Haryana - 136118
Sub. O.: Gurudwara Nada Sahib, Panchkula, Haryana 134109

ਆਵਾਜ਼ਿ ਕੌਮ AWAZE QAUM








ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਦੌਰਾਨ ਕੱਲ੍ਹ ਵਿਧਾਨ ਸਭਾ ਹਲਕਾ ਬਰਨਾਲਾ,ਭਦੌੜ ਅਤੇ ਮਹਿਲ ਕਲਾਂ ਦੇ ਡੈਲੀਗੇਟ ਇਜਲਾਸ ਦੌਰਾਨ ਵਿਚਾਰ ਸਾਂਝੇ ਕਰਦੇ ਹੋਏ ਪਰਮਿੰਦਰ ਸਿੰਘ ਢੀਂਡਸਾ। ਇਸ ਮੌਕੇ ਜ਼ਿਲ੍ਹੇ ਅਤੇ ਸੂਬੇ ਦੇ ਡੈਲੀਗੇਟਾਂ ਦੀ ਚੋਣ ਸਰਬਸੰਮਤੀ ਨਾਲ ਹੋਈ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਰਾਜਸਥਾਨ ਸਰਕਾਰ ਵੱਲੋਂ ਪ੍ਰੀਖਿਆਵਾਂ ਚ ਸਿੱਖ ਵਿਦਿਆਰਥੀਆਂ ਨੂੰ ਕਕਾਰ ਪਾਉਣ ਦੀ ਮਨਜ਼ੂਰੀ 'ਤੇ ਐਡਵੋਕੇਟ ਧਾਮੀ ਦੀ ਪ੍ਰਤੀਕਿਰਿਆ

- ਕਿਹਾ; ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਕਕਾਰ ਪਹਿਨਣ ਦਾ ਪੂਰਾ ਅਧਿਕਾਰ
- ਸਰਕਾਰ ਨੂੰ ਅਜਿਹਾ ਕਦਮ ਬਹੁਤ ਪਹਿਲਾਂ ਚੁੱਕਣਾ ਚਾਹੀਦਾ ਸੀ- ਐਡਵੋਕੇਟ ਧਾਮੀ

**ਅੰਮ੍ਰਿਤਸਰ, 30 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਰਾਜਸਥਾਨ ਅੰਦਰ ਪ੍ਰੀਖਿਆ ਦੌਰਾਨ ਗੁਰਸਿੱਖ ਲੜਕੀ ਨੂੰ ਕਕਾਰ ਪਾਉਣ ਕਾਰਨ ਪ੍ਰੀਖਿਆ ਵਿੱਚ ਦਾਖਲਾ ਨਾ ਦੇਣ 'ਤੇ ਸਿੱਖ ਕੌਮ ਵੱਲੋਂ ਪ੍ਰਗਟਾਏ ਰੋਸ ਮਗਰੋਂ ਰਾਜਸਥਾਨ ਸਰਕਾਰ ਵੱਲੋਂ ਸਿੱਖ ਉਮੀਦਵਾਰਾਂ ਨੂੰ ਕਕਾਰਾਂ ਸਮੇਤ ਪ੍ਰੀਖਿਆ ਦੇਣ ਦੀ ਪ੍ਰਵਾਨਗੀ ਤੇ ਪ੍ਰਤੀਕ੍ਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਨੂੰ ਅਜਿਹਾ ਕਦਮ ਬਹੁਤ ਪਹਿਲਾਂ ਚੁੱਕਣਾ ਚਾਹੀਦਾ ਸੀ। ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਅਧਿਕਾਰੀਆਂ ਦੇ ਗਲਤ ਵਤੀਰੇ ਕਾਰਨ ਪੇਪਰ ਦੇਣ ਤੋਂ ਵਾਂਝੀ ਰਹਿ ਗਈ ਸਿੱਖ ਉਮੀਦਵਾਰ ਲਈ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕਰਕੇ ਪੇਪਰ ਦੇਣ ਦਾ ਮੌਕਾ ਦਿੱਤਾ ਜਾਵੇ, ਤਾਂ ਜੋਂ ਉਸ ਨੂੰ ਇਨਸਾਫ਼ ਮਿਲ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV



ਐਡਵੋਕੇਟ ਧਾਮੀ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਪਹਿਲਾਂ ਹੀ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸਿੱਖ ਰਹਿਤ ਮਰਯਾਦਾ ਅਨੁਸਾਰ ਕੋਈ ਵੀ ਅੰਮ੍ਰਿਤਧਾਰੀ ਸਿੱਖ ਆਪਣੇ ਸ਼ਰੀਰ ਨਾਲੋਂ ਪੰਜ ਕਕਾਰ ਵੱਖ ਨਹੀਂ ਕਰ ਸਕਦਾ। ਇਸ ਲਈ ਬਕਾਇਦਾ ਨਿਯਮ ਹਨ, ਜਿਨ੍ਹਾਂ ਨੂੰ ਅਕਸਰ ਅਣਗੌਲਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਬਾਰੇ ਸਭ ਨੂੰ ਪਤਾ ਹੋਣ ਦੇ ਬਾਵਜੂਦ ਵੀ ਬੀਤੇ ਅੰਦਰ ਕਈ ਥਾਵਾਂ 'ਤੇ ਅੰਮ੍ਰਿਤਧਾਰੀ ਸਿੱਖ ਵਿਦਿਆਰਥੀਆਂ ਨੂੰ ਧਾਰਮਿਕ ਚਿੰਨ੍ਹ ਕਕਾਰ ਉਤਾਰਣ ਲਈ ਮਜਬੂਰ ਕੀਤਾ ਗਿਆ ਅਤੇ ਵਿਰੋਧ ਕਰਨ ਉੱਤੇ ਪ੍ਰੀਖਿਆਵਾਂ ਵਿੱਚ ਦਾਖਲਾ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਪੰਜ ਕਕਾਰ ਸਿੱਖ ਪਛਾਣ ਅਤੇ ਮੌਲਿਕ ਅਧਿਕਾਰਾਂ ਦੇ ਤਰਜਮਾਨ ਹਨ, ਜਿਸ ਦਾ ਸਭ ਨੂੰ ਸਤਿਕਾਰ ਕਰਨਾ ਚਾਹੀਦਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਸੂਬਾ ਸਰਕਾਰਾਂ ਨੂੰ ਹਦਾਇਤ ਕਰਨ ਕਿ ਸਿੱਖ ਵਿਦਿਆਰਥੀਆਂ ਨਾਲ ਹੁੰਦੀਆਂ ਅਜਿਹੀਆਂ ਜ਼ਿਆਦਤੀਆਂ ਨੂੰ ਰੋਕਣ ਲਈ ਭਾਰਤੀ ਸਵਿਧਾਨ ਅੰਦਰ ਸਿੱਖਾਂ ਨੂੰ ਮਿਲੇ ਅਧਿਕਾਰਾਂ ਦੀ ਰਖਵਾਲੀ ਕੀਤੀ ਜਾਵੇ, ਇਸ ਵਾਸਤੇ ਪ੍ਰੀਖਿਆਵਾਂ ਸਮੇਂ ਸਿੱਖ ਕਕਾਰਾਂ ਨੂੰ ਲੈਣ ਕੇ ਪ੍ਰੀਖਿਆ ਅਮਲੇ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਸਵਿਧਾਨ ਵਿਰੁੱਧ ਜਾ ਕੇ ਸਿੱਖ ਵਿਦਿਆਰਥੀਆਂ ਨੂੰ ਪ੍ਰੇਸ਼ਾਨ ਕਰਨ ਵਾਲੇ ਅਧਿਕਾਰੀਆਂ ਖਿਲਾਫ ਸਖ਼ਤ ਕਾਰਵਾਈ ਨੂੰ ਵੀ ਅਮਲ ਵਿੱਚ ਲਿਆਂਦਾ ਜਾਵੇ, ਤਾਂ ਜੋ ਅਜਿਹੀਆਂ ਕਾਰਵਾਈਆਂ ਨੂੰ ਠੱਲ੍ਹ ਪੈ ਸਕੇ।

# ਪਖੰਡੀ ਪਾਸਟਰਾਂ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਚਰਚ ਬੈਲਟ ਬਨਾਉਣ ਦੀਆਂ ਸਾਜ਼ਿਸ਼ਾਂ ਖਿਲਾਫ ਰੋਸ








ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਪਖੰਡੀ ਪਾਸਟਰਾਂ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਚਰਚ ਬੈਲਟ ਬਨਾਉਣ ਦੀਆਂ ਸਾਜ਼ਿਸ਼ਾਂ ਖਿਲਾਫ ਅਸੀਂ ਆਪਣੇ ਬੱਲ ਅਨੁਸਾਰ ਜ਼ੋਰ ਲਗਾ ਹੀ ਰਹੇ ਹਾਂ । ਅੱਜ ਇਸ ਅਵਾਜ਼ ਨੂੰ ਪ੍ਰਸ਼ਾਸ਼ਨ ਦੇ ਕੰਨਾਂ ਤੱਕ ਪਹੁੰਚਾਉਣ ਵਾਸਤੇ ਭਗਤਾਂ ਵਾਲੇ ਚੌਂਕ ਨੂੰ ਕੁਝ ਸਮੇਂ ਵਾਸਤੇ ਬੰਦ ਕੀਤਾ ਗਿਆ ।ਪਰ ਇਸ ਮਸਲੇ ਦਾ ਹੱਲ ਪੰਜਾਬੀਆਂ ਦੇ ਵੱਸ ਦੀ ਗੱਲ ਨਹੀਂ ਹੈ ।ਕਿਉਂਕਿ ਤਮਾਮ ਸਿੱਖ ਜੱਥੇਬੰਦੀਆਂ ਰਲ ਕੇ ਵੀ ਕੁਝ ਕਰਨ ਜੋਗੀਆਂ ਨਹੀਂ ।ਸੋ ਸਾਡੀ ਕਾਨੂੰਨੀ ਕਾਰਵਾਈ ਜਾਰੀ ਰਹੇਗੀ। ਵੱਲੋਂ- ਬਾਬਾ ਗੁਰਪ੍ਰੀਤ ਸਿੰਘ (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

### ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਇਸ਼ਨਾਨ ਸੇਵਾ ਦੇ

# 10 ਵਰ੍ਹੇ ਪੂਰੇ ਹੋਣ 'ਤੇ ਧਾਰਮਿਕ ਸਮਾਗਮ ਕਰਵਾਇਆ



**ਤਲਵੰਡੀ ਸਾਬੋ, 30 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸਿੱਖ ਕੌਮ ਦੇ ਚੌਥੇ ਤਖਤ, ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਵੇਰੇ ਤੜਕਸਾਰ ਸਮੇਂ ਤਖਤ ਸਾਹਿਬ ਕੰਪਲੈਕਸ ਦੀ ਹੁੰਦੀ ਇਸ਼ਨਾਨ ਸੇਵਾ ਦੇ 10 ਵਰ੍ਹੇ ਪੂਰੇ ਹੋਣ 'ਤੇ ਤਖਤ ਸਾਹਿਬ ਦੇ ਪ੍ਰਬੰਧਕਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਵੱਲੋਂ ਪਹਿਲਾ ਸ਼ੁਕਰਾਨਾ ਸਮਾਗਮ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਵਿਖੇ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਸਮਾਗਮ ਦੌਰਾਨ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਵੀ ਵਿਸੇਸ਼ ਤੌਰ 'ਤੇ ਹਾਜ਼ਰੀ ਲਵਾਈ। ਉਕਤ ਧਾਰਮਿਕ ਸਮਾਗਮ ਦੀ ਸ਼ੁਰੂਆਤ ਸਵੇਰ ਸਮੇਂ ਬੀਬੀਆਂ ਵੱਲੋਂ ਸੰਗਤੀ ਰੂਪ ਵਿੱਚ ਕੀਤੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ, ਉਪਰੰਤ ਭਾਈ ਸੁਖਚੈਨ ਸਿੰਘ, ਭਾਈ ਨਿਰਭੈ ਸਿੰਘ ਅਤੇ ਹੋਰ ਹਜੂਰੀ ਰਾਗੀ ਜਥਿਆਂ ਵਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਵੱਲੋਂ ਇਸ਼ਨਾਨ ਸੇਵਾ ਦੇ ਮਹਾਤਮ ਵਾਰੇ ਕਥਾ ਵੀਚਾਰਾਂ ਰਾਹੀਂ ਸੰਗਤਾਂ ਨੂੰ ਦੱਸਿਆ ਗਿਆ ਜਦੋਂਕਿ ਗਿਆਨੀ ਗੁਰਜੰਟ ਸਿੰਘ ਅਤੇ ਪ੍ਰੋਫੈਸਰ ਡਾ. ਗੁਰਜੀਤ ਸਿੰਘ ਵੱਲੋਂ ਬਾਹਰੋਂ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ ਗਿਆ। ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਵੱਲੋਂ ਇਸ਼ਨਾਨ ਸੇਵਾ ਵਿੱਚ ਹਿੱਸਾ ਪਾਉਣ ਵਾਲੀਆਂ ਸੰਗਤਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ ਅਤੇ ਤਖਤ ਸਾਹਿਬ ਦੇ ਪੁਰਾਤਨ ਇਤਿਹਾਸ ਦੇ ਨਾਲ ਨਾਲ ਤਖ਼ਤ ਸਾਹਿਬ ਦੇ ਸਮੇਂ ਸਮੇਂ ਸਿਰ ਹੋਏ ਬਦਲਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਸਮਾਗਮ ਦੌਰਾਨ ਸਿੰਘ ਸਾਹਿਬ ਨਾਲ ਸਟੇਜ ਤੇ ਪੰਜ ਪਿਆਰੇ ਸਾਹਿਬਾਨ, ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਤੋਂ ਇਲਾਵਾ ਗਿਆਨੀ ਗੁਰਜੰਟ ਸਿੰਘ, ਡਾਕਟਰ ਗੁਰਜੀਤ ਸਿੰਘ, ਭਾਈ ਗੁਰਵਿੰਦਰ ਸਿੰਘ ਮੈਨੇਜ਼ਰ ਤਖਤ ਸਾਹਿਬ, ਗੁਰਦੇਵ ਸਿੰਘ ਵਧੀਕ ਮੈਨੇਜ਼ਰ ਗਿਆਨੀ ਆਲਮ ਸਿੰਘ ਕਥਾਵਾਚਕ, ਗਿਆਨੀ ਜਗਦੀਪ ਸਿੰਘ ਅਤੇ ਵੱਖ-ਵੱਖ ਸੰਸਥਾਵਾਂ ਦੇ ਮੁਖੀ ਮੌਜੂਦ ਰਹੇ। ਤਲਵੰਡੀ ਸਾਬੋ ਇਲਾਕਾ ਨਿਵਾਸੀ ਸੰਗਤਾਂ ਅਤੇ ਲਗਭਗ 20-25 ਪਿੰਡਾਂ ਵਿੱਚੋਂ ਇਸ਼ਨਾਨ ਸੇਵਾ ਵਿੱਚ ਹਾਜ਼ਰੀ ਭਰਨ ਵਾਲੀਆਂ ਸੰਗਤਾਂ ਨੇ ਵੀ ਇਸ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਤਖ਼ਤ ਸਾਹਿਬ ਸਟਾਫ, ਸਰੋਵਰ ਸੇਵਾਦਾਰਾਂ ਅਤੇ ਸ੍ਰੀ ਗੁਰੂ ਤੇਗ ਬਹਾਦਰ ਲੰਗਰ ਸੇਵਾ ਦਲ ਵੱਲੋਂ ਰਲ ਮਿਲ ਕੇ ਸੰਗਤਾਂ ਲਈ ਲੰਗਰ ਲਗਾਏ ਗਏ ਜਦੋਂਕਿ ਹਰਿਆਣਾ ਦੇ ਸਿਰਸਾ ਜਿਲ੍ਹੇ ਦੇ ਪਿੰਡ ਚੋਰਮਾਰ ਦੀ ਸੰਗਤ ਵੱਲੋਂ ਜ਼ਲ ਜ਼ੀਰੇ ਦੀ ਛਬੀਲ ਲਗਾਈ ਗਈ।

### ਸੇਂਟ ਸੋਲਜ਼ਰ ਸਕੂਲ ਦੇ ਖਿਡਾਰੀਆਂ ਨੇ ਖੇਡਾਂ 'ਚ ਮਾਰੀਆਂ ਮੱਲ੍ਹਾਂ

# 62 ਮੈਡਲ ਜਿੱਤ ਕੇ ਜੋਨਲ ਖੇਡਾਂ ਵਿੱਚ ਪੂਰੇ ਬਲਾਕ ਵਿੱਚੋਂ ਮੋਹਰੀ ਰਹੇ



ਜੰਡਿਆਲਾ ਗੁਰੂ 30 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜੋਨਲ ਖੇਡਾਂ ਮਿਤੀ 21 ਜੁਲਾਈ ਤੋਂ 29 ਜੁਲਾਈ ਤੱਕ ਕਰਵਾਈਆਂ ਗਈਆਂ ਜਿਸ ਵਿੱਚ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਜੋਨਲ ਟੂਰਨਾਮੈਂਟ ਵਿੱਚ ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ ਦੀਆਂ ਲੜਕੀਆਂ ਨੇ ਕਬੱਡੀ ਵਿੱਚ ਅੰਡਰ 14,ਅੰਡਰ17 ਅਤੇ ਅੰਡਰ 19 ਵਿੱਚ ਸਾਰਿਆਂ ਸਕੂਲਾਂ ਨੂੰ ਹਰਾਉਂਦਿਆਂ ਹੋਇਆਂ ਪਹਿਲਾਂ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਵਾਲੀਵਾਲ ਦੇ ਮੁਕਾਬਲਿਆਂ ਵਿੱਚ ਅੰਡਰ 14 ਟੀਮ ਨੇ ਪਹਿਲਾ ਸਥਾਨ ਅਤੇ ਅੰਡਰ 17 ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਖੋ-ਖੋ ਲੜਕੀਆਂ ਦੀ ਟੀਮ ਵਿੱਚ ਅੰਡਰ 14 ਵਿਚ ਦੂਸਰਾ ਸਥਾਨ ਅਤੇ ਅੰਡਰ 17 ਵਿੱਚ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਖੋ- ਖੋ ਲੜਕਿਆਂ ਦੇ ਮੁਕਾਬਲੇ ਵਿੱਚ ਅੰਡਰ14 ਨੇ ਪਹਿਲਾ ਅਤੇ ਅੰਡਰ 17 ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਰੱਸਾਕਸ਼ੀ ਲੜਕੀਆਂ ਦੇ ਮੁਕਾਬਲਿਆਂ ਵਿੱਚ ਅੰਡਰ 14 ਨੇ ਦੂਸਰਾ ਅਤੇ ਅੰਡਰ 19 ਨੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਲੜਕਿਆਂ ਦੇ ਰੱਸਾਕਸ਼ੀ ਮੁਕਾਬਲੇ ਵਿੱਚ ਅੰਡਰ 17 ਨੇ ਦੂਸਰਾ ਅਤੇ ਅੰਡਰ 19 ਨੇ ਪਹਿਲਾ ਸਥਾਨ ਹਾਸਿਲ ਕੀਤਾ। ਗਤਕਾ ਵਿਚ ਲੜਕਿਆਂ ਦੇ ਮੁਕਾਬਲੇ ਵਿੱਚ ਅੰਡਰ 14 ਵਿੱਚ ਚਾਰ ਗੋਲਡ ਅਤੇ ਚਾਰ ਸਿਲਵਰ, ਅੰਡਰ 17 ਵਿੱਚ ਚਾਰ ਸਿਲਵਰ 4 ਬਰੋਂਜ ਅਤੇ ਅੰਡਰ 19 ਵਿੱਚ ਪੰਜ ਗੋਲਡ 4 ਸਿਲਵਰ ਮੈਡਲ ਅਤੇ1 ਬਰੋਂਜ ਮੈਡਲ ਹਾਸਿਲ ਕੀਤਾ ਇਸੇ ਤਰ੍ਹਾਂ ਗਤਕਾ ਲੜਕੀਆਂ ਦੇ ਮੁਕਾਬਲੇ ਵਿਚ ਅੰਡਰ 14 ਵਿਚ ਪੰਜ ਗੋਲਡ ਚਾਰ ਸਿਲਵਰ ਅਤੇ ਅੰਡਰ 17 ਵਿੱਚ ਚਾਰ ਸਿਲਵਰ ਅਤੇ ਚਾਰ ਬਰੋਨਜ਼ ਮੈਡਲ ਹਾਸਲ ਕੀਤੇ। ਕਰਾਟੇ ਮੁਕਾਬਲਿਆਂ ਵਿੱਚ ਪੰਜ ਗੋਲਡ ਮੈਡਲ ਅਤੇ ਚਾਰ ਸਿਲਵਰ ਮੈਡਲ ਹਾਸਲ ਕੀਤੇ।ਇਸ ਤਰ੍ਹਾਂ ਇਸ ਟੂਰਨਾਮੈਂਟ ਵਿੱਚ ਸੈਂਟ ਸੋਲਜਰ ਸਕੂਲ 25 ਗੋਲਡ 24 ਸਿਲਵਰ ਅਤੇ 13 ਬਰੋਨਜ਼ ,ਕੁਲ 62 ਮੈਡਲ ਜਿੱਤ ਕੇ ਪੂਰੇ ਬਲਾਕ ਵਿੱਚੋਂ ਪਹਿਲੇ ਸਥਾਨ ਤੇ ਆਇਆ। ਟੂਰਨਾਮੈਂਟ ਦੀ ਹਰ ਖੇਡ ਵਿੱਚ ਸੈਂਟ ਸੋਲਜਰ ਦੇ ਲੜਕੇ ਅਤੇ ਲੜਕੀਆਂ ਨੇ ਆਪਣੀ ਖੇਡ ਦੇ ਸ਼ਾਨਦਾਰ ਜੌਹਰ ਵਿਖਾਏ ਅਤੇ ਆਪਣੇ ਸਕੂਲ ਨੂੰ ਬਲਾਕ ਵਿੱਚੋਂ ਮੋਹਰੀ ਰੱਖ ਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਹਨਾਂ ਜਿੱਤਾਂ ਨਾਲ ਸੇਂਟ ਸੋਲਜਰ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਸਭ ਨੇ ਜੇਤੂ ਖਿਡਾਰੀਆਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਸਾਰੇ ਜੇਤੂ ਖਿਡਾਰੀਆਂ ਦਾ ਸ਼ਾਨਦਾਰ ਸਵਾਗਤ ਕੀਤਾ ਉਹਨਾਂ ਨੂੰ ਸ਼ਾਬਾਸ਼ੀ ਅਤੇ ਵਧਾਈ ਦਿੱਤੀ। ਅਤੇ ਖਿਡਾਰੀਆਂ ਦੇ ਕੋਚ ਫਤਿਹ ਸਿੰਘ, ਜਤਿੰਦਰ ਸਿੰਘ ,ਮਨਪ੍ਰੀਤ ਕੌਰ, ਨੀਲਮ ਕੌਰ, ਰਾਜਵੀਰ ਕੌਰ, ਯਾਦਵਿੰਦਰ ਸਿੰਘ, ਰੁਪਿੰਦਰ ਕੌਰ ,ਧਰਮ ਸਿੰਘ, ਸੁਖਦੇਵ ਕੁਮਾਰ ਨਵਦੀਪ ਸਿੰਘ ਦੀ ਮਿਹਨਤ ਦੀ ਖ਼ੂਬ ਸਲਾਘਾ ਕੀਤੀ ਅਤੇ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੁਆਡੀਨੇਟਰ ਨਿਲਾਕਸੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਬੱਚਿਆਂ ਦੀ ਅਣਥੱਕ ਮਿਹਨਤ ਨੇ ਕਰਾਈ ਬੱਲੇ ਬੱਲੇ ਮੈਡਲਾਂ ਤੇ ਕੀਤਾ ਕਬਜ਼ਾ ਡਾਇਰੈਕਟਰ ਡਾ: ਕਿਸ਼ਨਪੁਰੀ ਨੇ ਬੱਚਿਆਂ ਨੂੰ ਦਿੱਤੀ ਵਧਾਈ**

## ਰੋਟਰੀ ਕਲੱਬ ਅੰਮ੍ਰਿਤਸਰ ਵੱਲੋਂ ਐਲੀਮੈਂਟਰੀ ਸਕੂਲ ਟਪਿਆਲਾ ਦੇ ਬੱਚਿਆਂ ਨੂੰ ਜ਼ਰੂਰੀ ਸਮਾਨ ਵੰਡ ਕੇ ਸ਼ਹੀਦੀ ਦਿਹਾੜਾ ਮਨਾਇਆ



**ਚੌਂਕ ਮਹਿਤਾ, 30 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਰਕਾਰੀ ਐਲੀਮੈਂਟਰੀ ਸਕੂਲ ਟਪਿਆਲਾ ਵਿਖੇ ਰੋਟਰੀ ਕਲੱਬ ਅੰਮ੍ਰਿਤਸਰ ਵਲੋਂ ਸਕੂਲ ਦੇ ਬੱਚਿਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 550 ਸਾਲਾਂ ਸ਼ਹੀਦੀ ਦਿਵਸ ਤੇ ਕਾਪੀਆ,ਪੈਨ, ਪੈਨਸਿਲਾਂ, ਰਬੜਾਂ ਅਤੇ ਸ਼ਾਪਨਰ ਬੱਚਿਆਂ ਦੀ ਪੜ੍ਹਾਈ ਨੂੰ ਪ੍ਰਫੁਲਿਤ ਕਰਨ ਵਾਸਤੇ ਵੰਡੇ ਗਏ । ਇਸ ਮੌਕੇ ਤੇ ਰੋਟਰੀ ਕਲੱਬ ਦੇ ਪ੍ਰਧਾਨ ਸ੍ਰੀ ਅਸ਼ੋਕ ਸ਼ਰਮਾ ਜੀ, ਸ੍ਰੀ ਅਸ਼ਵਨੀ ਅਸਵਥੀ ਤੇ ਪ੍ਰਿੰਸੀਪਲ ਸ: ਦਵਿੰਦਰ ਸਿੰਘ ਨੇ ਬੱਚਿਆ ਨੂੰ ਚੰਗੀ ਵਿੱਦਿਆ ਆਪਤ ਕਰਨ ਲਈ ਸੰਬੋਧਨ ਕੀਤਾ । ਆਖੀਰ ਤੇ ਸੇਵਾ ਮੁਕਤ ਤੇ ਸਾਹਿਤਕਾਰ ਸ: ਨਿਰਮਲ ਸਿੰਘ ਟਪਿਆਲਾ ਜੀ ਨੇ ਵੀ ਬੱਚਿਆ ਨੂੰ ਇਮਾਨਦਾਰੀ; ਵਫਾਦਾਰੀ ਅਤੇ ਸਮੇਂ ਦੇ ਹਾਣੀ ਹੋਣ ਲਈ ਪ੍ਰੇਰਿਤ ਕੀਤਾ। ਮਾਸਟਰ ਸ.ਵਿਕਰਮਜੀਤ ਸਿੰਘ ਅਤੇ ਕਸ਼ਮੀਰ ਸਿੰਘ ਨੇ, ਬਾਹਰੋਂ ਆਏ ਦਾਨੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ । ਇਸ ਮੌਕੇ ਲੈਕਚਰਾਰ ਸ. ਮੇਜਰ ਸਿੰਘ ਬਲਰਾਜ ਸਿੰਘ ਬਾਬਾ ਬਕਾਲਾ ਅਤੇ ਪਿੰਡ ਦੇ ਹੋਰ ਵੀ ਪਤਵੰਤੇ ਸੱਜਣ ਹਾਜਰ ਸਨ ।

## ਈਟੀਓ ਵੱਲੋਂ ਜੋਤੀਸਰ ਕਾਲੋਨੀ ਜੰਡਿਆਲਾ ਗੁਰੂ ਵਿੱਚ ਇੰਟਰਲਾਕ ਟਾਈਲਾਂ ਲਗਾਉਣ ਦੀ ਸ਼ੁਰੂਆਤ

### ਹਲਕੇ ਦਾ ਇੱਕ ਵੀ ਬੱਚਾ ਪੜ੍ਹ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ -ਈਟੀਓ



**ਜੰਡਿਆਲਾ ਗੁਰੂ, 30 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਅੱਜ ਜੰਡਿਆਲਾ ਗੁਰੂ ਦੀ ਜੋਤੀਸਰ ਕਾਲੋਨੀ ਜੋ ਕਿ ਪਿਛਲੇ ਲੰਮੇ ਸਮੇਂ ਤੋਂ ਰਾਜ ਕਰ ਰਹੀਆਂ ਸਰਕਾਰਾਂ ਵੱਲੋਂ ਅਣਗੌਲਿਆਂ ਕੀਤੀ ਹੋਈ ਸੀ ਵਿੱਚ ਇੰਟਰਲਾਕ ਟਾਈਲਾਂ ਲਗਾਉਣ ਦੀ ਸ਼ੁਰੂਆਤ ਕੀਤੀ ਉਹਨਾਂ ਨੇ ਇਸ ਮੌਕੇ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਇਸ ਇਲਾਕੇ ਵਿੱਚ ਗਲੀਆਂ ਦੀ ਰੌਸ਼ਨੀ ਲਈ ਸਟਰੀਟ ਲਾਈਟਾਂ ਵੀ ਲਗਾਉਣ ਦਾ ਐਲਾਨ ਕੀਤਾ। ਉਹਨਾਂ ਕਿਹਾ ਕਿ ਮੈਂ ਆਪਣੇ ਹਲਕੇ ਦੇ ਇਲਾਕੇ ਵਿੱਚ ਕੇਵਲ ਰੌਸ਼ਨੀਆਂ ਰਾਹੀਂ ਹਨੇਰਾ ਹੀ ਨਹੀਂ ਦੂਰ ਕਰਨਾ ਬਲਕਿ ਤੁਹਾਡੇ ਬੱਚੇ ਪੜਾ ਕੇ ਉਹਨਾਂ ਦਾ ਭਵਿੱਖ ਵੀ ਰੁਸ਼ਨਾਉਣਾ ਹੈ। ਉਹਨਾਂ ਕਿਹਾ ਕਿ ਮੈਂ ਆਪਣੇ ਹਲਕੇ ਦਾ ਇੱਕ ਵੀ ਬੱਚਾ ਪੜਨ ਤੋਂ ਵਿਰਵਾ ਨਹੀਂ ਰਹਿਣ ਦੇਣਾ। ਉਹਨਾਂ ਕਿਹਾ ਕਿ ਪੜ੍ਹਾਈ ਹੀ ਇੱਕ ਮਾਤਰ ਤਰੱਕੀ ਦਾ ਸਾਧਨ ਹੈ,ਸੋ ਸਾਰੇ ਮਾਪੇ ਆਪਣੇ ਬੱਚੇ ਜਰੂਰ ਪੜਾਉਣ। ਕੈਬਨਿਟ ਮੰਤਰੀ ਨੇ ਇਲਾਕੇ ਵਿੱਚ ਲੋਕਾਂ ਦੀ ਲੋੜ ਅਨੁਸਾਰ ਹੋਰ ਸਹੂਲਤਾਂ ਵੀ ਦੇਣ ਦਾ ਐਲਾਨ ਕੀਤਾ ਅਤੇ ਨਾਲ ਹੀ ਕਿਹਾ ਕਿ ਕਿਸੇ ਵੀ ਮੁਸ਼ਕਲ ਵੇਲੇ ਤੁਸੀਂ ਮੇਰਾ ਦਰਵਾਜ਼ਾ ਖੜਕਾ ਸਕਦੇ ਹੋ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਹਲਕਾ ਜੰਡਿਆਲਾ ਗੁਰੂ ਦੇ ਬਲਾਕ ਪ੍ਰਧਾਨ ਅਤੇ ਸਰਪੰਚ ਸਾਹਿਬਾਨਾਂ ਨਾਲ ਮੁਲਾਕਾਤ ਕਰਕੇ ਲੋਕਾਂ ਦੀਆਂ ਜ਼ਮੀਨੀ ਸਮੱਸਿਆਵਾਂ ਸੁਣੀਆਂ। ਉਹਨਾਂ ਕਿਹਾ ਕਿ ਹਰ ਇਕ ਮੁੱਦੇ ਦੇ ਹੱਲ ਲਈ ਮੈਂ ਦਿਨ ਰਾਤ ਮਿਹਨਤ ਕਰ ਰਿਹਾ ਹਾਂ। ਲੋਕਾਂ ਦੀ ਖੁਸ਼ਹਾਲੀ ਮੇਰਾ ਸਭ ਤੋਂ ਵੱਡਾ ਮਿਸ਼ਨ ਹੈ। ਕੈਬਨਟ ਮੰਤਰੀ ਨੇ ਕਿਹਾ ਕਿ "ਮੇਰੇ ਹਲਕੇ ਦੇ ਸਰਪੰਚ ਮੇਰੇ ਲਈ ਮੇਰਾ ਪਰਿਵਾਰ ਹਨ, ਜਿਵੇਂ ਪਰਿਵਾਰ ਇੱਕ-ਦੂਜੇ ਦੀ ਤਾਕਤ ਹੁੰਦੇ ਨੇ, ਓਸੇ ਤਰ੍ਹਾਂ ਤੁਸੀਂ ਮੇਰੀ ਤਾਕਤ ਹੋ।"

## ਮਨਰੇਗਾ ਯੂਨੀਅਨ ਦੇ ਪ੍ਰਧਾਨ ਸ੍ਰ ਬਲਜੀਤ ਸਿੰਘ ਸਿੱਧੂ ਅਲਗੋਂ ਖੁਰਦ ਵਾਲਿਆਂ ਨੂੰ ਬਿਜਲੀ ਕਰੰਟ ਲੱਗਣ ਕਾਰਨ ਅਕਾਲ ਚਲਾਨੇ ਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਭੈਣੀ ਮੱਸਾ ਸਿੰਘ ਵਾਲਿਆਂ ਵੱਲੋਂ ਪਰਿਵਾਰ ਨਾਲ ਹਮਦਰਦੀ



(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਪਿਛਲੇ ਦਿਨੀ ਅਲਗੋਂ ਖੁਰਦ ਤੋਂ ਮਨਰੇਗਾ ਯੂਨੀਅਨ ਦੇ ਪ੍ਰਧਾਨ ਅਤੇ ਬਲਾਕ ਭਿੱਖੀਵਿੰਡ ਜ਼ਿਲ੍ਹਾ ਤਰਨਤਾਰਨ ਵਿੱਚ ਬਤੌਰ ਮਨਰੇਗਾ ਸੈਕਟਰੀ ਦੀ ਸੇਵਾ ਨਿਭਾ ਰਹੇ ਸ੍ਰ ਬਲਜੀਤ ਸਿੰਘ ਸਿੱਧੂ ਅਲਗੋਂ ਖੁਰਦ ਵਾਲਿਆਂ ਨੂੰ ਬਿਜਲੀ ਕਰੰਟ ਲੱਗਣ ਨਾਲ ਅਕਾਲ ਚਲਾਣਾ ਕਰ ਗਏ ਸਨ। ਪਰਿਵਾਰ ਨਾਲ ਗਹਿਰਾ ਅਫਸੋਸ ਕਰਨ ਲਈ ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਿਸ਼ ਕਰਨ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਨਾਲ ਸਾਬਕਾ ਸਰਪੰਚ ਸ੍ਰ ਚਰਨਜੀਤ ਸਿੰਘ, ਸਾਬਕਾ ਚੇਅਰਮੈਨ ਸ੍ਰ ਜਰਨੈਲ ਸਿੰਘ ਅਲਗੋਂ ਕੋਠੀ, ਸ੍ਰ ਗੱਬਰ ਸਿੰਘ ਅਲਗੋਂ, ਸ੍ਰ ਇੰਦਰਜੀਤ ਸਿੰਘ,ਬਾਬਾ ਸਤਨਾਮ ਸਿੰਘ ਜੀ ਅਲਗੋਂ ਅਤੇ ਹੋਰ ਸਿੰਘ ਹਾਜਰ ਸਨ।

### ਜੰਡਿਆਲਾ ਗੁਰੂ ਫਲਾਈਓਵਰ ਤੇ ਤੇਲ ਵਾਲੇ ਟੈਂਕਰ ਦਾ ਟਾਇਰ ਫਟਣ ਨਾਲ ਬੇਕਾਬੂ ਹੋਣ 'ਤੇ

# ਦੂਜੀ ਸਾਈਡ ਆ ਰਹੀ ਕਾਰ ਨਾਲ ਹੋਈ ਭਿਆਨਕ ਟੱਕਰ






**ਜੰਡਿਆਲਾ ਗੁਰੂ 30 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਅੰਮ੍ਰਿਤਸਰ ਜਲੰਧਰ ਜੀ ਟੀ ਰੋਡ ਤੇ ਜੰਡਿਆਲਾ ਗੁਰੂ ਦੇ ਫਲਾਈਓਵਰ ਉਪਰ ਤੇਲ ਨਾਲ ਭਰੇ ਟਰੱਕ ਦਾ ਟਾਇਰ ਫਟ ਗਿਆ ਜਿਸ ਤੋਂ ਬਾਅਦ ਟਰੱਕ ਬੇਕਾਬੂ ਹੋ ਗਿਆ ਅਤੇ ਟਰੱਕ ਨਾਲ ਇਕ ਕਾਰ ਟਕਰਾ ਗਈ ਅਤੇ ਭਿਆਨਕ ਅੱਗ ਲੱਗ ਗਈ ਇਸ ਕਾਰ ਵਿੱਚ ਸਵਾਰ ਦੋ ਵਿਅਕਤੀ ਅੱਗ ਦੀ ਲਪੇਟ ਵਿੱਚ ਆ ਗਏ ਅਤੇ ਦੋਵੇਂ ਬੁਰੀ ਤਰ੍ਹਾਂ ਅੱਗ ਨਾਲ ਸੜ ਗਏ ਅਤੇ ਦੋਵਾਂ ਦੀ ਮੌਤ ਹੋ ਗਈ ਇਸ ਸੰਬਧੀ ਜਾਣਕਾਰੀ ਦਿੰਦਿਆ ਚਸ਼ਮਦੀਦ ਵਾਸੀ ਜੰਡਿਆਲਾ ਨੇ ਦੱਸਿਆ ਕਿ ਉਹ ਦਵਿੰਦਰ ਸਿੰਘ ਵਾਸੀ ਜੰਡਿਆਲਾ ਦਾ ਰਹਿਣ ਵਾਲਾ ਹੈ ਅਤੇ ਇਕ ਟਰੱਕ ਜੋ ਜਲੰਧਰ ਵਾਲੀ ਸਾਈਡ ਤੋਂ ਅੰਮ੍ਰਿਤਸਰ ਵੱਲ ਆ ਰਿਹਾ ਸੀ ਤੇ ਇਸ ਪੈਟਰੋਲ ਵਾਲੇ ਟੈਂਕਰ ਵਾਲੇ ਟਰੱਕ ਦਾ ਹਾਈਵੇ ਤੇ ਟਾਇਰ ਫਟ ਗਿਆ ਅਤੇ ਦੂਜੀ ਸਾਈਡ ਤੋ ਆ ਰਹੀ ਕਾਰ ਨਾਲ ਟੱਕਰ ਹੋ ਗਈ ਇਹ ਹਾਦਸਾ ਅਚਾਨਕ ਟਰੱਕ ਦਾ ਟਾਇਰ ਫਟਣ ਨਾਲ ਬੇਕਾਬੂ ਹੋਣ ਨਾਲ ਹੋਇਆ ਹੈ ਅਤੇ ਟੱਕਰ ਇੰਨੀ ਜਬਰਦਸਤ ਸੀ ਕਿ ਕਾਰ ਟਕਰਾਅ ਕੇ ਬਾਦ ਚ ਰੈਲਿੰਗ ਉਤੇ ਟੰਗੀ ਗਈ ਜਿਸ ਨਾਲ ਕਾਰ ਸਵਾਰ ਦੋ ਵਿਅਕਤੀਆ ਦੀ ਅੱਗ ਲੱਗਣ ਕਾਰਨ ਮੌਤ ਹੋ ਗਈ

ਆਵਾਜ਼ਿ ਕੌਮ AWAZE QAUM International Newspaper & WEB TV

## ਕਾਰ ਨੂੰ ਲੱਗੀ ਭਿਆਨਕ ਅੱਗ ਕਾਰ ਚ ਸਵਾਰ ਦੋ ਵਿਅਕਤੀਆਂ ਦੀ ਹੋਈ ਮੌਤ

ਇਸ ਸੰਬਧੀ ਡੀਐਸਪੀ ਜੰਡਿਆਲਾ ਨੇ ਦੱਸਿਆ ਕਿ ਅਸੀ ਮੌਕੇ ਤੇ ਪਹੁੰਚੇ ਹਾਂ ਅਤੇ ਹੁੰਦਲ ਪੈਟਰੋਲ ਪੰਪ ਜੰਡਿਆਲਾ ਦਾ ਟਰੱਕ ਹੈ ਜੋ ਕਿ ਜਲੰਧਰ ਤੋ ਤੇਲ ਭਰ ਕੇ ਆ ਰਿਹਾ ਸੀ ਉਸਦਾ ਟਾਇਰ ਫਟਣ ਦੇ ਨਾਲ ਉਹ ਦੂਜੀ ਸਾਇਡ ਤੇ ਜਾ ਬ੍ਰਿਜਾ ਕਾਰ ਨਾਲ ਜਾ ਟਕਰਾਇਆ ਜਿਸ ਨਾਲ ਕਾਰ ਰੈਲਿੰਗ ਤੇ ਚੜੀ ਅਤੇ ਉਸਨੂੰ ਅੱਗ ਲਗ ਗਈ ਹੈ ਫਿਲਹਾਲ ਕਾਰ ਸਵਾਰਾਂ ਬਾਰੇ ਅਜੇ ਕੁਝ ਨਹੀ ਕਹਿ ਸਕਦੇ ਬਾਕੀ ਟਰੱਕ ਡਰਾਈਵਰ ਮੌਕੇ ਤੋ ਫਰਾਰ ਹੈ। ਫਾਇਰ ਬ੍ਰਿਗੇਡ ਗੱਡੀਆਂ ਵੱਲੋਂ ਮੌਕੇ ਤੇ ਪਹੁੰਚ ਕਿ ਅੱਗ ਤੇ ਕਾਬੂ ਪਾਇਆ ਗਿਆ।

### ਹਜ਼ਾਰਾਂ ਟਰੈਕਟਰਾਂ, ਕਾਰਾਂ ਅਤੇ ਮੋਟਰਸਾਈਕਲਾਂ ਸਮੇਤ ਕਿਸਾਨਾਂ ਮਜ਼ਦੂਰਾਂ ਵੱਲੋਂ ਪਿੰਡਾਂ ਵਿੱਚ ਮਾਰਚ ਕਰਕੇ

# ਲੈਂਡ ਪੂਲਿੰਗ ਪਾਲਿਸੀ ਵਿਰੁੱਧ ਲੋਕਾਂ ਨੂੰ ਕੀਤਾ ਲਾਮਬੰਦ



**ਮਾਛੀਵਾੜਾ ਸਾਹਿਬ, 30 ਜੁਲਾਈ ( ਆਵਾਜ਼ਿ ਕੌਮ ਬਿਊਰੋ )**-ਅੱਜ ਇੱਥੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕੂੰਮਕਲਾਂ ਦੀ ਦਾਣਾ ਮੰਡੀ ਵਿੱਚ ਵੱਡੀ ਗਿਣਤੀ ਵਿੱਚ ਟਰੈਕਟਰ, ਕਾਰਾਂ, ਮੋਟਰ ਸਾਈਕਲਾਂ ਤੇ ਸਵਾਰ ਕਿਸਾਨ ਮਜ਼ਦੂਰ ਕਾਫ਼ਲਿਆਂ ਦੇ ਰੂਪ ਵਿੱਚ ਇੱਕਠੇ ਹੋਏ।ਇਸ ਟਰੈਕਟਰ ਰੈਲੀ ਵਿਚ 2000 ਤੋਂ ਵੱਧ ਟਰੈਕਟਰ ਅਤੇ ਦੂਸਰੇ ਵਹੀਕਲਜ਼ ਸ਼ਾਮਲ ਸਨ।ਇਸ ਇਕੱਠ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਹਰਿੰਦਰ ਸਿੰਘ ਲੱਖੋਵਾਲ, ਰਘਬੀਰ ਸਿੰਘ ਬੈਨੀਪਾਲ, ਅਵਤਾਰ ਸਿੰਘ ਮੇਹਲੋਂ, ਸੀਟੂ ਦੇ ਸੂਬਾਈ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ, ਕੁਲਦੀਪ ਸਿੰਘ ਗਰੇਵਾਲ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਕਿਸਾਨ ਅਤੇ ਮਜ਼ਦੂਰ ਵਿਰੋਧੀ ਨੀਤੀਆਂ ਲਿਆ ਕੇ ਕਾਰਪੋਰੇਟ ਘਰਾਣਿਆਂ ਨਾਲ ਘਿਉ ਖਿਚੜੀ ਹੋ ਕੇ ਇੱਕੋ ਹਮਾਮ ਵਿੱਚ ਨੰਗੇ ਹਨ।ਉਨ੍ਹਾਂ ਕਿਸਾਨਾਂ ਮਜ਼ਦੂਰਾਂ ਨੂੰ ਇੱਕਜੁੱਟ ਹੋ ਕੇ ਸਘੰਰਸ਼ ਨੂੰ ਤੇਜ਼ ਕਰਨ ਦਾ ਹੋਕਾ ਦਿੱਤਾ। ਆਗੂਆਂ ਨੇ ਕਿਸਾਨਾਂ ਮਜ਼ਦੂਰਾਂ ਨੂੰ 24 ਅਗਸਤ ਦੀ ਰੈਲੀ ਜ਼ੋ ਮੁਲਾਂਪੁਰ ਕੀਤੀ ਜਾਵੇਗੀ ਉਸ ਵਿੱਚ ਵਿੱਚ ਵੱਧ ਚੜ੍ਹਕੇ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਬੇਅੰਤ ਸਿੰਘ ਗਰੇਵਾਲ, ਸੁਖਵਿੰਦਰ ਸਿੰਘ ਰਤਨਗੜ੍ਹ, ਲਛਮਣ ਸਿੰਘ, ਸੀਟੂ ਆਗੂ ਸਿਕੰਦਰ ਬਖ਼ਸ਼ ਮੰਡ ਚੌਂਤਾ, ਜਸਵੰਤ ਸਿੰਘ ਕੂੰਮਕਲਾਂ, ਗੁਰਚਰਨ ਸਿੰਘ ਹਵਾਸ, ਰਘਬੀਰ ਸਿੰਘ ਕੂੰਮਕਲਾਂ, ਪਵਨਜੀਤ ਮੇਹਲੋਂ, ਇੰਦਰ ਸਿੰਘ ਜੌਲੀ, ਸੁਰਿੰਦਰ ਸਿੰਘ ਬਲਾਕ ਪ੍ਰਧਾਨ ਕਡਿਆਣਾ, ਬਲਵਿੰਦਰ ਸਿੰਘ ਬਿੱਟੂ ਚੌਂਤਾ, ਕੁਲਜੀਤ ਸਿੰਘ ਸਿੱਧੂ, ਬਾਬੂ ਸ਼ਾਮ ਲਾਲ, ਮਾਸਟਰ ਰਾਮ ਪਾਲ ਸਿੰਘ ਸਾਧੂ ਸਿੰਘ ਪੰਜੇਟਾ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਅਗਸਤ ਦੀ ਰੈਲੀ ਨੂੰ ਕਾਮਯਾਬ ਕਰਨ ਦੀ ਕੀਤੀ ਅਪੀਲ

# ਜ਼ਮੀਨ ਪੂਲਿੰਗ ਨੀਤੀ ਦੇ ਲਾਭ ਅਤੇ ਨੁਕਸਾਨ



ਭਾਰਤ ਵਿੱਚ ਤੇਜ਼ੀ ਨਾਲ ਵੱਧ ਰਹੀ ਅਬਾਦੀ ਅਤੇ ਸ਼ਹਿਰੀਕਰਨ ਕਾਰਨ ਜ਼ਮੀਨ ਦੀ ਲੋੜ ਤੇਜ਼ੀ ਨਾਲ ਵੱਧ ਰਹੀ ਹੈ। ਇਸ ਲੋੜ ਨੂੰ ਪੂਰਾ ਕਰਨ ਲਈ ਪੰਜਾਬ ਸਮੇਤ ਕਈ ਰਾਜਾਂ ਵਲੋਂ ਜ਼ਮੀਨ ਪੂਲਿੰਗ ਨੀਤੀਆਂ ਅਪਣਾਈਆਂ ਹਨ। ਇਹ ਨੀਤੀ ਰਵਾਇਤੀ ਜ਼ਮੀਨ ਅਧਿਗ੍ਰਹਣ ਦੀ ਥਾਂ ਭਾਗੀਦਾਰੀ ਮਾਡਲ 'ਤੇ ਆਧਾਰਿਤ ਹੈ ਜਿਸਦਾ ਮੁੱਖ ਮੰਤਵ ਨਾਗਰਿਕਾਂ ਦੀ ਸਹਿਮਤੀ ਨਾਲ ਵਿਕਾਸ ਕਰਨਾ ਹੈ।

**ਜ਼ਮੀਨ ਪੂਲਿੰਗ ਨੀਤੀ ਦੀ ਪਰਿਭਾਸ਼ਾ:**

ਜ਼ਮੀਨ ਪੂਲਿੰਗ ਇੱਕ ਅਜਿਹੀ ਪ੍ਰਕਿਰਿਆ ਹੈ ਜਿਸ ਵਿੱਚ ਜ਼ਮੀਨ ਮਾਲਕ ਆਪਣੀ ਜ਼ਮੀਨ ਵਿਕਾਸ ਅਥਾਰਟੀ ਨੂੰ ਸੌਂਪਦੇ ਹਨ, ਜੋ ਕਿ ਉਸ ਜ਼ਮੀਨ ਦਾ ਯੋਜਨਾਬੱਧ ਢੰਗ ਨਾਲ ਵਿਕਾਸ ਕਰਦੀ ਹੈ (ਸੜਕਾਂ, ਪਾਰਕ, ਪਾਣੀ, ਬਿਜਲੀ, ਆਦਿ)। ਵਿਕਾਸ ਮਗਰੋਂ, ਜ਼ਮੀਨ ਮਾਲਕ ਨੂੰ ਘੱਟ ਪਰੰਤੂ ਵਿਕਸਿਤ ਜ਼ਮੀਨ ਦਾ ਇਕ ਹਿੱਸਾ ਮੁੜ ਦਿੱਤਾ ਜਾਂਦਾ ਹੈ, ਜੋ ਕੀ ਮੂਲ ਤੋਂ ਕਈ ਗੁਣਾ ਜ਼ਿਆਦਾ ਕੀਮਤੀ ਹੁੰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਵਿੱਚ ਇਹ ਨੀਤੀ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾ ਵਿਕਾਸ ਐਕਟ 1995 ਦੇ ਤਹਿਤ ਲਾਗੂ ਕੀਤੀ ਗਈ ਹੈ। GMADA (ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ), PUDA ਅਤੇ ਹੋਰ ਨਗਰ ਨਿਕਾਇਆ ਇਸ ਨੀਤੀ ਅਧੀਨ ਕੰਮ ਕਰ ਰਹੇ ਹਨ।

**ਜ਼ਮੀਨ ਪੂਲਿੰਗ ਨੀਤੀ ਦੀਆਂ ਮੁੱਖ ਵਿਸ਼ੇਸ਼ਤਾਵਾਂ:**

1. ਇੱਛਾ ਅਧਾਰਿਤ ਭਾਗੀਦਾਰੀ - ਇਸ ਨੀਤੀ ਨਾਲ ਕਿਸੇ ਨਾਗਰਿਕ ਕੋਲੋਂ ਜ਼ਬਰਦਸਤੀ ਨਹੀਂ ਹਥਿਆਈ ਜਾ ਸਕਦੀ। ਜਿਨ੍ਹਾਂ ਮਾਲਕਾਂ ਦੀ ਇਸ ਨੀਤੀ ਨਾਲ ਸਹਿਮਤ ਹੋਣੀ ਹੈ, ਉਹ ਹੀ ਇਸ ਵਿੱਚ ਸ਼ਾਮਲ ਹੋ ਸਕਦੇ ਹਨ।
2. ਮਾਲੀ ਮੁਆਵਜ਼ੇ ਦੀ ਥਾਂ ਵਿਕਸਿਤ ਜ਼ਮੀਨ - ਨਕਦ ਦੀ ਥਾਂ ਉਨ੍ਹਾਂ ਨੂੰ ਵਿਕਸਿਤ ਪਲਾਟ ਦਿੱਤੇ ਜਾਂਦੇ ਹਨ।
3. ਜ਼ਮੀਨ ਦੀ ਕੀਮਤ ਵਿੱਚ ਵਾਧਾ - ਪਲਾਟ ਵਾਪਸੀ ਮਗਰੋਂ ਉਨ੍ਹਾਂ ਦੀ ਮਾਰਕੀਟ ਕੀਮਤ ਕਾਫ਼ੀ ਵੱਧ ਜਾਂਦੀ ਹੈ।
4. ਸਾਫ਼ ਅਤੇ ਪਾਰਦਰਸ਼ੀ ਪ੍ਰਕਿਰਿਆ - ਲਾਟਰੀ ਅਤੇ ਨਕਸ਼ਿਆਂ ਦੁਆਰਾ ਪਲਾਟ ਵੰਡ ਹੁੰਦੀ ਹੈ।
5. ਮਿੱਥੇ ਸਮੇਂ ਵਿੱਚ ਵਿਕਾਸ - ਵਿਕਾਸ 3 ਤੋਂ 5 ਸਾਲਾਂ ਵਿੱਚ ਪੂਰਾ ਕਰਨ ਦਾ ਵਾਅਦਾ ਹੁੰਦਾ ਹੈ।

**ਜ਼ਮੀਨ ਪੂਲਿੰਗ ਨੀਤੀ ਦੇ ਲਾਭ (ਫ਼ਾਇਦੇ):**

1. ਭਾਗੀਦਾਰੀ ਤੇ ਆਧਾਰਿਤ ਵਿਕਾਸ:
ਜ਼ਮੀਨ ਮਾਲਕ ਹਿੱਸੇਦਾਰ ਬਣਦੇ ਹਨ।
ਰਵਾਇਤੀ ਜ਼ਮੀਨ ਅਧਿਗ੍ਰਹਣ ਦੀ ਤਰ੍ਹਾਂ ਵਿਵਾਦ ਜਾਂ ਰੋਸ ਨਹੀਂ ਹੁੰਦਾ।
2. ਵਾਜਿਬ ਅਤੇ ਨਿਆਂ ਸੰਗਤ ਮੁਆਵਜ਼ਾ:
ਜ਼ਮੀਨ ਦੀ ਥਾਂ ਵੱਧ ਮੁੱਲ ਵਾਲੀ ਵਿਕਸਿਤ ਜ਼ਮੀਨ ਮਿਲਦੀ ਹੈ।
ਨਕਦ ਮੁਆਵਜ਼ੇ ਦੀ ਵਿਕਸਿਤ ਜ਼ਮੀਨ ਦਿੱਤੀ ਜਾਂਦੀ ਹੈ।
3. ਸਰਕਾਰ ਲਈ ਲਾਗਤ-ਕੁਸ਼ਲ:
ਰਕਮ ਦੇਣ ਦੀ ਥਾਂ ਵਿਕਸਿਤ ਜ਼ਮੀਨ ਦੁਆਰਾ ਲਾਭ ਕਮਾਇਆ ਜਾਂਦਾ ਹੈ।
4. ਯੋਜਨਾਬੱਧ ਸ਼ਹਿਰੀ ਵਿਕਾਸ:
ਅਣਯੋਜਤ ਕਲੋਨੀਆਂ ਜਾਂ ਝੁੱਗੀਆਂ ਦੀ ਥਾਂ ਵਿਧਾਨ ਅਨੁਸਾਰ ਵਿਕਸਿਤ ਇਲਾਕੇ ਬਣਦੇ ਹਨ।
5. ਕਿਸਾਨਾਂ ਲਈ ਆਮਦਨ ਵਿੱਚ ਵਾਧਾ:
ਖੇਤਾਂ ਦੀ ਥਾਂ ਉਨ੍ਹਾਂ ਨੂੰ ਸ਼ਹਿਰੀ ਪਲਾਟ ਮਿਲਦੇ ਹਨ ਜੋ ਉੱਚ ਕੀਮਤ ਵਾਲੇ ਹੁੰਦੇ ਹਨ।
6. ਕਾਨੂੰਨੀ ਸੁਰੱਖਿਆ:
ਵਿਕਸਿਤ ਪਲਾਟਾਂ ਦੀ ਮਲਕੀਅਤ ਪੱਕੀ ਅਤੇ ਰਜਿਸਟਰਡ ਹੁੰਦੀ ਹੈ।

ਜ਼ਮੀਨ ਪੂਲਿੰਗ ਨੀਤੀ ਦੇ ਨੁਕਸਾਨ (ਘਾਟ):

1. ਵਿਕਾਸ ਵਿੱਚ ਦੇਰੀ:
ਬਹੁਤ ਵਾਰੀ ਸਰਕਾਰੀ ਅਧਿਕਾਰੀਆਂ ਵੱਲੋਂ ਵਿਕਾਸ ਕਰਵਾਉਣ ਵਿੱਚ ਦੇਰੀ ਹੋ ਜਾਂਦੀ ਹੈ।
2. ਵਾਪਸ ਮਿਲਣ ਵਾਲੀ ਜ਼ਮੀਨ ਘੱਟ ਹੁੰਦੀ ਹੈ:
ਪੂਰੀ ਜ਼ਮੀਨ ਨਹੀਂ ਮਿਲਦੀ; ਕੇਵਲ 38%-50% ਮਿਲਦੀ ਹੈ।
3. ਆਮ ਲੋਕਾਂ ਨੂੰ ਲਾਭ ਘੱਟ:
ਲਾਭ ਸਿਰਫ਼ ਉਨ੍ਹਾਂ ਨੂੰ ਹੁੰਦਾ ਹੈ ਜਿਨ੍ਹਾਂ ਦੀ ਜ਼ਮੀਨ ਸ਼ਹਿਰੀ ਇਲਾਕਿਆਂ ਦੇ ਨੇੜੇ ਹੁੰਦੀ ਹੈ।
4. ਜਾਣਕਾਰੀ ਦੀ ਘਾਟ:
ਲੋਕ ਅਕਸਰ ਮਾਰਕੀਟ ਦੀ ਚਾਲ ਤੋਂ ਅਣਜਾਣ ਰਹਿ ਜਾਂਦੇ ਹਨ।
5. ਮਾਰਕੀਟ ਨਿਰਭਰਤਾ:
ਜ਼ਮੀਨ ਦੀ ਕੀਮਤ ਮਾਰਕੀਟ ਉੱਤੇ ਨਿਰਭਰ ਕਰਦੀ ਹੈ; ਕਈ ਵਾਰੀ ਉਮੀਦਾਂ ਅਨੁਸਾਰ ਲਾਭ ਨਹੀਂ ਹੁੰਦਾ।
6. ਸਥਾਨਕ ਬਦਲੀ (Gentrification) ਦਾ ਖ਼ਤਰਾ:
ਅਸਲ ਵਸਨੀਕ ਉਖਾੜੇ ਜਾਂਦੇ ਹਨ ਅਤੇ ਉਨ੍ਹਾਂ ਦੀ ਥਾਂ ਧਨਾਢ ਹੋਰ ਆ ਜਾਂਦੇ ਹਨ।

ਉਦਾਹਰਣ: GMADA ਦਾ ਐਅਰੋਟ੍ਰੋਪੋਲਿਸ ਪ੍ਰੋਜੈਕਟ (ਮੋਹਾਲੀ ਨੇੜੇ):

ਇਸ ਪ੍ਰੋਜੈਕਟ ਤਹਿਤ ਲਗਭਗ 1,600 ਏਕੜ ਜ਼ਮੀਨ ਪੂਲ ਹੋਈ। GMADA ਨੇ ਜ਼ਮੀਨ ਮਾਲਕਾਂ ਨੂੰ 38% ਵਿਕਸਿਤ ਪਲਾਟ ਵਾਪਸ ਦੇਣ ਦਾ ਵਾਅਦਾ ਕੀਤਾ। ਕੁਝ ਮਾਲਕਾਂ ਨੇ ਵੱਡਾ ਲਾਭ ਵੀ ਲਿਆ ਪਰ ਕਈਆਂ ਨੇ ਪਲਾਟ ਵੰਡ ਵਿੱਚ ਦੇਰੀ ਅਤੇ ਸਥਾਨ ਦੀ ਅਨਿਸ਼ਚਿਤਤਾ ਦੀ ਸ਼ਿਕਾਇਤ ਕੀਤੀ।

ਸੁਝਾਵ: ਸਮੇਂ ਬੱਧ ਵਿਕਾਸ ਲਈ ਕਾਨੂੰਨੀ ਬੰਨ੍ਹ: ਵਿਅਰਥ ਦੇਰੀ ਤੇ ਜੁਰਮਾਨਾ।

ਜਾਗਰੂਕਤਾ ਮੁਹਿੰਮਾਂ: ਜ਼ਮੀਨ ਮਾਲਕਾਂ ਨੂੰ ਨੀਤੀ ਬਾਰੇ ਸਿੱਖਿਆ।



ਨਿਆਂ ਸੰਗਤ ਪ੍ਰਣਾਲੀ: ਵਿਵਾਦਾਂ ਦੇ ਹੱਲ ਲਈ ਵਿਸ਼ੇਸ਼ ਟ੍ਰਿਬਿਊਨਲ।

ਨਿਆਂਸੰਗਤ ਬਟਵਾਰਾ: ਛੋਟੇ ਕਿਸਾਨਾਂ ਲਈ ਵੱਖਰੇ ਉਪਬੰਧ।

ਥਰਡ-ਪਾਰਟੀ ਨਿਰੀਖਣ: ਸਾਰੇ ਵਿਕਾਸ ਕਾਰਜ ਦੀ ਨਿਗਰਾਨੀ।

ਜ਼ਮੀਨ ਪੂਲਿੰਗ ਨੀਤੀ ਇੱਕ ਅੱਗੇ ਵੱਧੀ ਹੋਈ ਸ਼ਹਿਰੀ ਯੋਜਨਾ ਨੀਤੀ ਦੇ ਤੌਰ 'ਤੇ ਸਾਹਮਣੀ ਆਈ ਹੈ। ਇਹ ਨੀਤੀ ਸਾਂਝੇਦਾਰੀ, ਪਾਰਦਰਸ਼ਤਾ ਅਤੇ ਯੋਜਨਾਬੱਧ ਵਿਕਾਸ ਨੂੰ ਉਤਸ਼ਾਹਿਤ ਕਰਦੀ ਹੈ। ਪਰ ਜਦ ਤੱਕ ਕਾਰਗੁਜ਼ਾਰੀ, ਜਾਗਰੂਕਤਾ ਅਤੇ ਨਿਆਂਪੂਰਨ ਲਾਗੂ ਕਰਨ ਉੱਤੇ ਧਿਆਨ ਨਹੀਂ ਦਿੱਤਾ ਜਾਂਦਾ, ਤਦ ਤੱਕ ਇਸਦੇ ਨਤੀਜੇ ਅਧੂਰੇ ਰਹਿ ਸਕਦੇ ਹਨ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**